ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995821245311/

https://youtu.be/LQwolgxDu7I

awazeqaumtvpunjab@gmail.com

ਐਤਵਾਰ, 11 ਜਨਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੨੮ ਪੋਹ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਅਮਰੀਕੀ ਹੋਲੋਕਾਸਟ ਮਿਊਜ਼ੀਅਮ ਨੇ ਦਿੱਤੀ ਚੇਤਾਵਨੀ

# ਭਾਰਤ ਸਮੂਹਿਕ ਅੱਤਿਆਚਾਰਾਂ ਦੇ ਜੋਖਮ ਵਾਲੇ ਦੇਸ਼ਾਂ ਵਿੱਚ ਸ਼ਾਮਲ

**ਨਵੀਂ ਦਿੱਲੀ, 10 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):-** ਯੂਨਾਈਟਿਡ ਸਟੇਟਸ ਹੋਲੋਕਾਸਟ ਮੈਮੋਰੀਅਲ ਮਿਊਜ਼ੀਅਮ ਦੁਆਰਾ ਪ੍ਰਕਾਸ਼ਿਤ ਇੱਕ ਸਾਲਾਨਾ ਗਲੋਬਲ ਅਧਿਐਨ ਦੇ ਅਨੁਸਾਰ, ਆਉਣ ਵਾਲੇ ਦੋ ਸਾਲਾਂ ਵਿੱਚ ਭਾਰਤ ਨੂੰ ਨਾਗਰਿਕਾਂ ਵਿਰੁੱਧ ਵੱਡੇ ਪੱਧਰ 'ਤੇ ਹਿੰਸਾ ਦਾ ਗੰਭੀਰ ਖ਼ਤਰਾ ਹੋ ਸਕਦਾ ਹੈ। ਖੋਜਕਰਤਾਵਾਂ ਦੁਆਰਾ ਅੰਤਰ-ਰਾਜੀ ਸਮੂਹਿਕ ਕਤਲੇਆਮ ਦੀ ਸੰਭਾਵਨਾ ਦੇ ਮੁਲਾਂਕਣ ਲਈ ਦੇਸ਼ 168 ਦੇਸ਼ਾਂ ਵਿੱਚੋਂ ਚੌਥੇ ਸਥਾਨ 'ਤੇ ਹੈ। ਹੋਰ ਵੀ ਮਹੱਤਵਪੂਰਨ ਗੱਲ ਇਹ ਹੈ ਕਿ ਭਾਰਤ ਅਜਿਹੇ ਖ਼ਤਰੇ ਦਾ ਸਾਹਮਣਾ ਕਰ ਰਹੇ ਦੇਸ਼ਾਂ ਦੀ ਸੂਚੀ ਵਿੱਚ ਸਿਖਰ 'ਤੇ ਹੈ ਜੋ ਪਹਿਲਾਂ ਹੀ ਵੱਡੇ ਪੱਧਰ 'ਤੇ ਹਿੰਸਾ ਦਾ ਸਾਹਮਣਾ ਨਹੀਂ ਕਰ ਰਹੇ ਹਨ। ਅਜਾਇਬ ਘਰ ਦੇ ਅਰਲੀ ਚੇਤਾਵਨੀ ਪ੍ਰੋਜੈਕਟ ਦੀ ਦਸੰਬਰ 2025 ਦੀ ਰਿਪੋਰਟ ਦਾ ਅੰਦਾਜ਼ਾ ਹੈ ਕਿ ਭਾਰਤ ਵਿੱਚ 2026 ਦੇ ਅੰਤ ਤੋਂ ਪਹਿਲਾਂ ਨਾਗਰਿਕਾਂ ਵਿਰੁੱਧ ਜਾਣਬੁੱਝ ਕੇ ਸਮੂਹਿਕ ਹਿੰਸਾ ਦੇਖਣ ਦੀ 7.5% ਸੰਭਾਵਨਾ ਹੈ। ਖੋਜਕਰਤਾ ਅਜਿਹੀ ਹਿੰਸਾ ਨੂੰ ਹਥਿਆਰਬੰਦ ਸਮੂਹਾਂ ਦੁਆਰਾ ਇੱਕ ਸਾਲ ਦੇ ਅੰਦਰ ਘੱਟੋ-ਘੱਟ 1000 ਗੈਰ-ਲੜਾਕੂਆਂ ਨੂੰ



ਉਨ੍ਹਾਂ ਦੀ ਸਮੂਹ ਪਛਾਣ ਦੇ ਅਧਾਰ ਤੇ ਮਾਰਨ ਵਜੋਂ ਪਰਿਭਾਸ਼ਤ ਕਰਦੇ ਹਨ, ਜਿਸ ਵਿੱਚ ਨਸਲੀ, ਧਰਮ, ਰਾਜਨੀਤੀ ਜਾਂ ਭੂਗੋਲ ਸ਼ਾਮਲ ਹੋ ਸਕਦਾ ਹੈ। ਤਿੰਨ ਦੇਸ਼ਾਂ ਨੇ ਭਾਰਤ ਨਾਲੋਂ ਵੱਧ ਅੰਕ ਪ੍ਰਾਪਤ ਕੀਤੇ। ਮਿਆਂਮਾਰ ਪਹਿਲੇ ਸਥਾਨ 'ਤੇ ਹੈ, ਉਸ ਤੋਂ ਬਾਅਦ ਚਾਡ ਅਤੇ ਸੁਡਾਨ ਹਨ। ਹਾਲਾਂਕਿ, ਮਿਆਂਮਾਰ ਅਤੇ ਸੁਡਾਨ ਸਮੇਤ ਬਹੁਤ ਸਾਰੇ ਉੱਚ-ਦਰਜੇ ਦੇ ਦੇਸ਼ ਪਹਿਲਾਂ ਹੀ ਚੱਲ ਰਹੇ ਸਮੂਹਿਕ ਕਤਲੇਆਮ ਨਾਲ ਜੂਝ ਰਹੇ ਹਨ, ਜਿਸ ਨਾਲ ਭਾਰਤ ਦੀ ਸਥਿਤੀ ਇੱਕ ਸੰਭਾਵੀ ਨਵੇਂ ਫਲੈਸ਼ਪੁਆਇੰਟ ਵਜੋਂ ਵਿਸ਼ੇਸ਼ ਤੌਰ 'ਤੇ ਮਹੱਤਵਪੂਰਨ ਬਣ ਗਈ ਹੈ। ਅਜਾਇਬ ਘਰ ਅਤੇ ਡਾਰਟਮਾਊਥ ਕਾਲਜ ਦੇ ਖੋਜਕਰਤਾਵਾਂ ਨੇ ਪੈਟਰਨਾਂ ਦੀ ਪਛਾਣ ਕਰਨ ਲਈ ਦਹਾਕਿਆਂ ਦੇ ਇਤਿਹਾਸਕ ਡੇਟਾ ਦਾ ਵਿਸ਼ਲੇਸ਼ਣ ਕੀਤਾ। ਉਹ ਦੇਖਦੇ ਹਨ ਕਿ ਸਮੂਹਿਕ ਹਿੰਸਾ ਭੜਕਣ ਤੋਂ ਪਹਿਲਾਂ ਦੇ ਸਾਲਾਂ ਵਿੱਚ ਦੇਸ਼ਾਂ ਵਿੱਚ ਕਿਹੜੀਆਂ ਵਿਸ਼ੇਸ਼ਤਾਵਾਂ ਸਾਂਝੀਆਂ ਸਨ, ਫਿਰ ਸਮਾਨ ਚੇਤਾਵਨੀ ਸੰਕੇਤਾਂ ਦੀ ਖੋਜ ਕਰਦੇ ਹਨ। ਰਿਪੋਰਟ ਕਈ ਤਰ੍ਹਾਂ ਦੀਆਂ ਪੁੱਛਗਿੱਛਾਂ ਦਾ ਸੁਝਾਅ ਦਿੰਦੀ ਹੈ। ਕੀ ਸਰਕਾਰਾਂ ਨਾਗਰਿਕਾਂ 'ਤੇ ਯੋਜਨਾਬੱਧ ਹਮਲਿਆਂ ਦੇ ਖ਼ਤਰੇ ਵੱਲ ਕਾਫ਼ੀ ਧਿਆਨ ਦੇ ਰਹੀਆਂ ਹਨ ? ਕਿਹੜੇ ਖਾਸ ਕਾਰਨ ਹਨ, ਭਾਵੇਂ ਚੋਣਾਂ, ਰਾਜਨੀਤਿਕ ਉਥਲ-ਪੁਥਲ ਜਾਂ ਵਿਰੋਧ ਪ੍ਰਦਰਸ਼ਨ, ਵਿਆਪਕ ਹਿੰਸਾ ਨੂੰ ਭੜਕਾ ਸਕਦੇ ਹਨ ?ਲੇਖਕ ਸਿਫ਼ਾਰਸ਼ ਕਰਦੇ ਹਨ ਕਿ ਅੰਤਰਰਾਸ਼ਟਰੀ ਸੰਸਥਾਵਾਂ ਅਤੇ ਰਾਸ਼ਟਰੀ ਸਰਕਾਰਾਂ ਉੱਚ-ਜੋਖਮ ਵਾਲੇ ਦੇਸ਼ਾਂ ਦੇ ਆਪਣੇ ਵਿਸਤ੍ਰਿਤ ਮੁਲਾਂਕਣ ਕਰਨ। ਅਜਿਹੀਆਂ ਸਮੀਖਿਆਵਾਂ ਨੂੰ ਇਹ ਜਾਂਚਣਾ ਚਾਹੀਦਾ ਹੈ ਕਿ ਜੋਖਮ ਕੀ ਹੈ, ਕਿਹੜੇ ਦ੍ਰਿਸ਼ ਸੰਭਾਵੀ ਜਾਪਦੇ ਹਨ, ਅਤੇ ਹਿੰਸਾ ਨੂੰ ਰੋਕਣ ਲਈ ਸਮਾਜ ਵਿੱਚ ਕਿਹੜੀਆਂ ਮੌਜੂਦਾ ਤਾਕਤਾਂ ਨੂੰ ਮਜ਼ਬੂਤ ? ?ਕੀਤਾ ਜਾ ਸਕਦਾ ਹੈ।ਰਿਪੋਰਟ ਵਿੱਚ ਕਿਹਾ ਗਿਆ ਹੈ, "ਅੱਤਿਆਚਾਰ ਦੇ ਜੋਖਮਾਂ ਨੂੰ ਹੱਲ ਕਰਨ ਲਈ ਰਣਨੀਤੀਆਂ ਅਤੇ ਸਾਧਨ, ਬੇਸ਼ੱਕ, ਹਰੇਕ ਦੇਸ਼ ਦੇ ਸੰਦਰਭ ਦੇ ਅਨੁਸਾਰ ਬਣਾਏ ਜਾਣੇ ਚਾਹੀਦੇ ਹਨ।"




## ਮੁਅੱਤਲ ਡੀ.ਆਈ.ਜੀ.ਭੁੱਲਰ ਨੇ ਖੜਕਾਇਆ ਹਾਈਕੋਰਟ ਦਾ ਦਰਵਾਜ਼ਾ, ਮੰਗੀ ਜ਼ਮਾਨਤ

**ਨਵੀਂ ਦਿੱਲੀ, 10 ਜਨਵਰੀ (ਆਵਾਜ਼ਿ ਕੌਮ ਬਿਊਰੋ)-** ਪੰਜਾਬ ਦੇ ਮੁਅੱਤਲ ਡੀ. ਆਈ. ਜੀ. ਹਰਚਰਨ ਸਿੰਘ ਭੁੱਲਰ ਵਲੋਂ ਪੰਜਾਬ ਅਤੇ ਹਰਿਆਣਾ ਹਾਈਕੋਰਟ 'ਚ ਰੈਗੂਲਰ ਜ਼ਮਾਨਤ ਲਈ ਪਟੀਸ਼ਨ ਦਾਇਰ ਕੀਤੀ ਗਈ ਹੈ। ਹਰਚਰਨ ਸਿੰਘ ਭੁੱਲਰ ਇਸ ਸਮੇਂ ਚੰਡੀਗੜ੍ਹ ਦੀ ਮਾਡਲ ਜੇਲ੍ਹ 'ਚ ਬੰਦ ਹਨ। ਉਨ੍ਹਾਂ ਨੇ ਵਕੀਲ ਰਾਹੀਂ ਅਦਾਲਤ ਨੂੰ ਦੱਸਿਆ ਕਿ ਜਾਂਚ ਪੂਰੀ ਹੋ ਗਈ ਹੈ ਅਤੇ ਪਿਛਲੇ ਸਾਲ 3 ਦਸੰਬਰ ਨੂੰ ਅੰਤਿਮ ਜਾਂਚ ਰਿਪੋਰਟ ਦਾਇਰ ਕੀਤੀ ਗਈ ਸੀ, ਜਿਸ ਨਾਲ ਹਿਰਾਸਤ 'ਚ ਪੁੱਛਗਿੱਛ ਬੇਲੋੜੀ ਹੈ। ਭੁੱਲਰ ਦੇ ਵਕੀਲ ਨੇ ਕਿਹਾ ਕਿ ਪਟੀਸ਼ਨ ਕਰਤਾ ਨੂੰ ਹਿਰਾਸਤ 'ਚ ਰੱਖੇ ਜਾਣ ਦੇ 24 ਘੰਟਿਆਂ ਤੋਂ ਜ਼ਿਆਦਾ ਸਮੇਂ ਬਾਅਦ ਮੈਜਿਸਟ੍ਰੇਟ ਸਾਹਮਣੇ ਪੇਸ਼ ਕਰਨਾ ਪ੍ਰਕਿਰਿਆ ਦੀ ਨਿਰਪੱਖਤਾ 'ਤੇ ਸਵਾਲ ਚੁੱਕਦਾ ਹੈ। ਦੱਸਣਯੋਗ ਹੈ ਕਿ ਸੀ.ਬੀ.ਆਈ. ਨੇ ਭੁੱਲਰ ਨੂੰ 17 ਅਕਤੂਬਰ 2025 ਨੂੰ ਰਿਸ਼ਵਤਖੋਰੀ ਦੇ ਮਾਮਲੇ 'ਚ ਗ੍ਰਿਫ਼ਤਾਰ ਕੀਤਾ ਸੀ। ਉਦੋਂ ਤੋਂ ਉਹ ਹਿਰਾਸਤ 'ਚ ਹਨ। ਇਸ ਮਾਮਲੇ ਵਿੱਚ ਹੇਠਲੀ ਅਦਾਲਤ ਵੱਲੋਂ ਉਨ੍ਹਾਂ ਦੀ ਜ਼ਮਾਨਤ ਰੱਦ ਕਰਨ ਤੋਂ ਬਾਅਦ ਭੁੱਲਰ ਨੇ ਹੁਣ ਰੈਗੂਲਰਜ਼ਮਾਨਤ ਲਈ ਹਾਈਕੋਰਟ ਵਿੱਚ ਪਹੁੰਚ ਕੀਤੀ ਹੈ। ਭੁੱਲਰ ਦਾ ਕਹਿਣਾ ਹੈ ਕਿ ਇਸ ਮਾਮਲੇ ਵਿੱਚ 13 ਦਸੰਬਰ ਨੂੰ ਚਲਾਨ ਦਾਇਰ ਕੀਤਾ ਗਿਆ ਹੈ। ਹੁਣ ਜਦੋਂ ਉਨ੍ਹਾਂ ਨੂੰ ਨੌਕਰੀ ਤੋਂ ਮੁਅੱਤਲ ਕਰ ਦਿੱਤਾ ਗਿਆ ਹੈ ਤਾਂ ਉਹ ਕਿਸੇ ਨੂੰ ਪ੍ਰਭਾਵਿਤ ਨਹੀਂ ਕਰ ਸਕਦੇ। ਇਸ ਲਈ ਉਨ੍ਹਾਂ ਨੂੰ ਜ਼ਮਾਨਤ ਦਿੱਤੀ ਜਾਣੀ ਚਾਹੀਦੀ ਹੈ।

## ਵਿਦੇਸ਼ ਜਾਣ ਤੋਂ ਪਹਿਲਾਂ ਹੀ ਵਾਪਰਿਆ ਭਿਆਨਕ ਹਾਦਸਾ : ਪੁੱਤ ਨੂੰ ਜਹਾਜ਼ ਚੜ੍ਹਾਉਣ ਗਏ ਪਿਓ ਸਣੇ 4 ਦੀ ਦਰਦਨਾਕ ਮੌਤ



**ਹੁਸ਼ਿਆਰਪੁਰ, 10 ਜਨਵਰੀ (ਆਵਾਜ਼ਿ ਕੌਮ ਬਿਊਰੋ)-** ਹੁਸ਼ਿਆਰਪੁਰ ਦੇ ਦਸੂਹਾ ਮੁੱਖ ਸੜਕ 'ਤੇ ਅੱਡਾ ਦੋਸਾਦਕ ਨੇੜੇ ਇੱਕ ਭਿਆਨਕ ਹਾਦਸਾ ਵਾਪਰਿਆ। ਦੱਸ ਦਈਏ ਕਿ ਇੱਕ ਬੱਸ ਅਤੇ ਕਾਰ ਦੀ ਟੱਕਰ ਹੋ ਗਈ। ਇਹ ਹਾਦਸਾ ਇੰਨ੍ਹਾਂ ਜਿਆਦਾ ਭਿਆਨਕ ਸੀ ਕਿ ਚਾਰ ਲੋਕਾਂ ਦੀ ਮੌਤ ਹੋ ਗਈ, ਜਦਿਕ ਇੱਕ ਗੰਭੀਰ ਜ਼ਖਮੀ ਹੋ ਗਿਆ। ਮਿਲੀ ਜਾਣਕਾਰੀ ਮੁਤਾਬਿਕ ਇਹ ਹਾਦਸਾ ਸ਼ਨੀਵਾਰ ਸਵੇਰੇ 4 ਵਜੇ ਦੇ ਕਰੀਬ ਵਾਪਰਿਆ। ਕਾਰ ਸਾਹਮਣੇ ਤੋਂ ਪੂਰੀ ਤਰ੍ਹਾਂ ਨੁਕਸਾਨੀ ਗਈ ਹੈ। ਸਾਰੇ ਸਵਾਰ ਹਿਮਾਚਲ ਪ੍ਰਦੇਸ਼ ਦੇ ਗਗਰੇਟ ਦੇ ਰਹਿਣ ਵਾਲੇ ਸਨ। ਪੁਲਿਸ ਨੇ ਲਾਸ਼ਾਂ ਨੂੰ ਹਸਪਤਾਲ ਦੇ ਮੁਰਦਾਘਰ ਵਿੱਚ ਰਖਵਾ ਦਿੱਤਾ ਹੈ। ਇੱਕ ਜ਼ਖਮੀ ਵਿਅਕਤੀ ਦਾ ਇਲਾਜ ਚੱਲ ਰਿਹਾ ਹੈ। ਪੁਲਿਸ ਟੀਮ ਜਾਂਚ ਕਰ ਰਹੀ ਹੈ। ਇਸ ਭਿਆਨਕ ਹਾਦਸੇ 'ਚ ਵਿਦੇਸ਼ ਜਾ ਰਹੇ ਨੌਜਵਾਨ ਦੇ ਪਿਤਾ ਦੀ ਮੌਤ ਹੋ ਗਈ ਹੈ। ਦੱਸ ਦਈਏ ਕਿ ਸੁਖਵਿੰਦਰ ਸਿੰਘ (45), ਪੁੱਤਰ ਹਰਨਾਮ ਸਿੰਘ, ਸੁਸ਼ੀਲ ਕੁਮਾਰ (46), ਪੁੱਤਰ ਦੇਸਰਾਜ, ਬ੍ਰਿਜ ਕੁਮਾਰ (38), ਪੁੱਤਰ ਮਹਿੰਦਰ ਕੁਮਾਰ, ਅਤੇ ਅਰੁਣ ਕੁਮਾਰ (45), ਪੁੱਤਰ ਗੁਰਪਾਲ ਸਿੰਘ, ਵਾਸੀ ਪਿੰਡ ਚਲੇਟ (ਦੌਲਤਪੁਰ, ਹਿਮਾਚਲ ਪ੍ਰਦੇਸ਼) ਕਾਰ ਨੰਬਰ ਪੀ.ਬੀ.-72-6869 ਵਿੱਚ ਸਵਾਰ ਸਨ, ਜੋ ਅੰਮ੍ਰਿਤ ਕੁਮਾਰ ਨੂੰ ਵਿਦੇਸ਼ ਜਾਣ ਲਈ ਛੱਡਣ ਲਈ ਅੰਮ੍ਰਿਤਸਰ ਹਵਾਈ ਅੱਡੇ ਜਾ ਰਹੇ ਸਨ। ਇਸ ਮੌਕੇ ਜਾਣਕਾਰੀ ਦਿੰਦੇ ਹੋਏ ਅਮਿਤ ਕੁਮਾਰ ਨੇ ਦੱਸਿਆ ਕਿ ਉਹ ਅੱਜ ਤੜਕੇ ਆਪਣੇ ਪਿੰਡ ਤੋਂ ਅੰਮ੍ਰਿਤਸਰ ਏਅਰਪੋਰਟ ਲਈ ਚੱਲੇ ਸਨ ਜਦੋਂ ਉਹ ਅੱਡਾ ਦੁਸੜਕਾ ਪਹੁੰਚੇ ਤਾਂ ਦਸੂਹਾ ਤੋਂ ਹੁਸ਼ਿਆਰਪੁਰ ਜਾ ਰਹੀ ਰੋਡਵੇਜ਼ ਦੀ ਬੱਸ ਨਾਲ ਜ਼ਬਰਦਸਤ ਟੱਕਰ ਹੋ ਗਈ ਅਤੇ ਜਿਸ ਵਿੱਚ ਉਸਦੇ ਪਿਤਾ ਸਣੇ 4 ਰਿਸ਼ਤੇਦਾਰ ਦੀ ਮੌਤ ਹੋ ਗਈ। ਅਮਿਤ ਕੁਮਾਰ ਨੇ ਦੱਸਿਆ ਕਿ ਉਸ ਦੀ ਅੱਜ ਅੰਮ੍ਰਿਤਸਰ ਤੋਂ ਫਲਾਈਟ ਸੀ ਅਤੇ ਉਸਦੇ ਰਿਸ਼ਤੇਦਾਰ ਉਸਨੂੰ ਛੱਡਣ ਜਾ ਰਹੇ ਸੀ।

## ਏਆਈ ਤਕਨੀਕ ਦੀ ਦੁਰਵਰਤੋਂ ਨਾਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਗ਼ਲਤ ਤਸਵੀਰ ਬਣਾਏ ਜਾਣ ਦਾ ਸ਼੍ਰੋਮਣੀ ਕਮੇਟੀ ਨੇ ਲਿਆ ਸਖ਼ਤ ਨੋਟਿਸ

### ਸ਼੍ਰੋਮਣੀ ਕਮੇਟੀ ਸਕੱਤਰ ਵੱਲੋਂ ਦੋਸ਼ੀ ਖਿਲਾਫ਼ ਕਾਰਵਾਈ ਲਈ ਸਾਈਬਰ ਕਰਾਈਮ ਸੈੱਲ ਕੋਲ ਦਰਜ ਕਰਵਾਈ ਸ਼ਿਕਾਇਤ

ਨਵੀਂ ਦਿੱਲੀ, 10 ਜਨਵਰੀ (ਮਨਪ੍ਰੀਤ ਸਿੰਘ ਖਾਲਸਾ)- ਆਰਟੀਫੀਸ਼ਲ ਇੰਟੈਲੀਜੈਂਸ (ਏਆਈ) ਤਕਨੀਕ ਦੀ ਦੁਰਵਰਤੋਂ ਕਰਦਿਆਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਗ਼ਲਤ ਤਸਵੀਰ ਬਣਾ ਕੇ ਸੋਸ਼ਲ



ਮੀਡੀਆ 'ਤੇ ਪੋਸਟ ਕੀਤੇ ਜਾਣ ਦਾ ਸ਼੍ਰੋਮਣੀ ਕਮੇਟੀ ਨੇ ਸਖ਼ਤ ਨੋਟਿਸ ਲੈਂਦਿਆਂ ਦੋਸ਼ੀ ਖਿਲਾਫ਼ ਕਾਰਵਾਈ ਲਈ ਸਾਈਬਰ ਕਰਾਈਮ ਸੈੱਲ ਕੋਲ ਸ਼ਿਕਾਇਤ ਦਰਜ ਕਰਵਾਈ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ ਅਨੁਸਾਰ ਸਕੱਤਰ ਸ. ਪ੍ਰਤਾਪ ਸਿੰਘ ਵੱਲੋਂ ਦਰਜ ਕਰਵਾਈ ਸ਼ਿਕਾਇਤ 'ਚ ਦੋਸ਼ੀ ਦੀ ਪਛਾਣ ਕਰਕੇ ਸਖ਼ਤ ਕਾਰਵਾਈ ਦੀ ਮੰਗ ਕੀਤੀ ਗਈ।ਇਸ ਸਬੰਧੀ ਸਕੱਤਰ ਸ. ਪ੍ਰਤਾਪ ਸਿੰਘ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਿੱਖ ਕੌਮ ਦਾ ਕੇਂਦਰੀ ਅਸਥਾਨ ਹੈ, ਜਿਥੋਂ ਸਮੁੱਚੀ ਮਾਨਵਤਾ ਨੂੰ ਸਰਬਸਾਂਝੀਵਾਲਤਾ ਦਾ ਉਪਦੇਸ਼ ਮਿਲਦਾ ਹੈ। ਉਨ੍ਹਾਂ ਕਿਹਾ ਕਿ ਇਸ ਪਾਵਨ ਅਸਥਾਨ ਦੀਆਂ ਗ਼ਲਤ ਤਰੀਕੇ ਨਾਲ ਪੇਸ਼ ਤਸਵੀਰਾਂ ਸਿੱਖ ਭਾਵਨਾਵਾਂ ਨੂੰ ਗਹਿਰੀ ਸੱਟ ਮਾਰਦੀਆਂ ਹਨ, ਜਿਸ ਨੂੰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਸਕੱਤਰ ਸ. ਪ੍ਰਤਾਪ ਸਿੰਘ ਨੇ ਕਿਹਾ ਕਿ ਪਹਿਲਾਂ ਵੀ ਕਈ ਵਾਰ ਅਜਿਹੀਆਂ ਹਰਕਤਾਂ ਹੋਈਆਂ ਹਨ, ਜਿਸ ਸਬੰਧੀ ਸ਼੍ਰੋਮਣੀ ਕਮੇਟੀ ਵੱਲੋਂ ਸਾਈਬਰ ਕਰਾਈਮ ਸੈੱਲ ਨੂੰ ਸ਼ਿਕਾਇਤ ਕਰਨ ਦੇ ਬਾਵਜੂਦ ਵੀ ਕਿਸੇ ਤਰ੍ਹਾਂ ਦੀ ਕਾਰਵਾਈ ਅਮਲ ਵਿਚ ਨਹੀਂ ਲਿਆਂਦੀ ਗਈ। ਉਨ੍ਹਾਂ ਕਿਹਾ ਕਿ ਸਰਕਾਰਾਂ ਨੂੰ ਸਵਾਲ ਕਰਨ ਵਾਲਿਆਂ ਖਿਲਾਫ਼ ਤਾਂ ਤੁਰੰਤ ਐਕਸ਼ਨ ਕਰਦਿਆਂ ਪਰਚਾ ਦਰਜ ਹੋ ਜਾਂਦਾ ਹੈ ਅਤੇ ਸੋਸ਼ਲ ਅਕਾਊਂਟ ਵੀ ਬੰਦ ਕਰ ਦਿੱਤੇ ਜਾਂਦੇ ਹਨ, ਪ੍ਰੰਤੂ ਸੰਗਤਾਂ ਦੀਆਂ ਭਾਵਨਾਵਾਂ ਨਾਲ ਖਿਲਵਾੜ ਕਰਨ ਵਾਲਿਆਂ ਖਿਲਾਫ਼ ਢੁੱਕਵੀਂ ਕਾਰਵਾਈ ਨਾ ਕਰਨੀ ਵੱਡੇ ਸਵਾਲ ਪੈਦਾ ਕਰਦੀ ਹੈ। ਸ਼੍ਰੋਮਣੀ ਕਮੇਟੀ ਸਕੱਤਰ ਨੇ ਕਿਹਾ ਕਿ ਇਹ ਬੇਹੱਦ ਸੰਜੀਦਾ ਤੇ ਗੰਭੀਰ ਮਾਮਲਾ ਹੈ, ਜਿਸ ਦੇ ਦੋਸ਼ੀ ਖਿਲਾਫ਼ ਮਿਸਾਲੀ ਕਾਰਵਾਈ ਹੋਣੀ ਚਾਹੀਦੀ ਹੈ, ਤਾਂ ਜੋ ਅੱਗੇ ਤੋਂ ਕੋਈ ਅਜਿਹੀ ਹਰਕਤ ਕਰਨ ਦੀ ਜ਼ੁਰੱਅਤ ਨਾ ਕਰੇ। ਉਨ੍ਹਾਂ ਸੰਗਤਾਂ ਨੂੰ ਵੀ ਅਪੀਲ ਕੀਤੀ ਕਿ ਅਜਿਹੀਆਂ ਪੋਸਟਾਂ ਨੂੰ ਸ਼ੇਅਰ ਨਾ ਕੀਤਾ ਜਾਵੇ ਅਤੇ ਨਾ ਹੀ ਇਸ 'ਤੇ ਕੁਮੈਂਟ ਕੀਤੇ ਜਾਣੇ, ਸਗੋਂ ਅਜਿਹੇ ਸੋਸ਼ਲ ਮੀਡੀਆ ਖਾਤਿਆਂ ਦੀ ਰਿਪੋਰਟ ਕਰਕੇ ਉਨ੍ਹਾਂ ਨੂੰ ਬੰਦ ਕਰਵਾਉਣ ਲਈ ਸਹਿਯੋਗ ਕੀਤਾ ਜਾਵੇ।

## ਆਤਿਸ਼ੀ ਵੀਡੀਓ ਵਿਵਾਦ : ਡੀ. ਜੀ. ਪੀ. ਪੰਜਾਬ ਤੇ ਜਲੰਧਰ ਦੇ ਪੁਲਸ ਕਮਿਸ਼ਨਰ ਨੂੰ ਨੋਟਿਸ ਜਾਰੀ

**ਨਵੀਂ ਦਿੱਲੀ, 10 ਜਨਵਰੀ (ਆਵਾਜ਼ਿ ਕੌਮ ਬਿਊਰੋ)-** ਦਿੱਲੀ ਦੀ ਸਾਬਕਾ ਮੁੱਖ ਮੰਤਰੀ ਅਤੇ 'ਆਪ' ਵਿਧਾਇਕ ਆਤਿਸ਼ੀ ਮਾਰਲੇਨਾ ਦੇ ਇੱਕ ਵਿਵਾਦਤ ਵੀਡੀਓ ਨੂੰ ਲੈ ਕੇ ਸਿਆਸੀ ਹੰਗਾਮਾ ਤੇਜ਼ ਹੋ ਗਿਆ ਹੈ। ਇਸ ਮਾਮਲੇ ਵਿੱਚ ਦਿੱਲੀ ਵਿਧਾਨ ਸਭਾ ਦੇ ਸਪੀਕਰ ਨੇ ਪੰਜਾਬ ਦੇ ਡੀਜੀਪੀ, ਸਾਈਬਰ ਕਰਾਈਮ ਦੇ ਸਪੈਸ਼ਲ ਡੀਜੀਪੀ ਅਤੇ ਜਲੰਧਰ ਦੀ ਪੁਲਸ ਨੂੰ ਨੋਟਿਸ ਜਾਰੀ ਕਰਦਿਆਂ 48 ਘੰਟਿਆਂ ਵਿੱਚ ਜਵਾਬ ਤਲਬ ਕੀਤਾ ਹੈ। ਜਾਣਕਾਰੀ ਮੁਤਾਬਕ 6 ਜਨਵਰੀ ਨੂੰ ਦਿੱਲੀ ਵਿਧਾਨ ਸਭਾ ਦੀ ਕਾਰਵਾਈ ਦੌਰਾਨ ਇੱਕ ਚਰਚਾ ਚੱਲ ਰਹੀ ਸੀ। ਭਾਜਪਾ ਨੇਤਾਵਾਂ ਨੇ ਦੋਸ਼ ਲਾਇਆ ਕਿ ਇਸ ਦੌਰਾਨ ਆਤਿਸ਼ੀ ਨੇ ਸਿੱਖ ਗੁਰੂਆਂ ਦੇ ਖਿਲਾਫ ਅਪਮਾਨਜਨਕ ਭਾਸ਼ਾ ਵਰਤੀ। 7 ਜਨਵਰੀ ਨੂੰ ਭਾਜਪਾ ਨੇਤਾ ਕਪਿਲ ਮਿਸ਼ਰਾ ਨੇ ਇੱਕ ਵੀਡੀਓ ਕਲਿੱਪ ਸਾਂਝੀ ਕੀਤੀ, ਜਿਸ ਵਿੱਚ ਦਾਅਵਾ ਕੀਤਾ ਗਿਆ ਕਿ ਜਦੋਂ ਸਦਨ ਗੁਰੂਆਂ ਨੂੰ ਸ਼ਰਧਾਂਜਲੀ ਦੇ ਰਿਹਾ ਸੀ, ਤਾਂ ਆਤਿਸ਼ੀ ਨੇ ਇਤਰਾਜ਼ਯੋਗ ਸ਼ਬਦਾਵਲੀ ਦਾ ਇਸਤੇਮਾਲ ਕੀਤਾ। ਹਾਲਾਂਕਿ, ਆਤਿਸ਼ੀ ਨੇ ਇਹਨਾਂ ਦੋਸ਼ਾਂ ਨੂੰ ਨਕਾਰ ਦਿੱਤਾ ਸੀ। ਵੀਡੀਓ ਵਿਵਾਦ ਵੱਧਣ ਪਿੱਛੋਂ ਜਲੰਧਰ ਪੁਲਸ ਨੇ ਇੱਕ ਸ਼ਿਕਾਇਤ ਦੇ ਆਧਾਰ 'ਤੇ ਭਾਜਪਾ ਨੇਤਾ ਕਪਿਲ ਮਿਸ਼ਰਾ ਦੇ ਖਿਲਾਫ ਐੱਫ. ਆਈ. ਆਰ. ਦਰਜ ਕੀਤੀ ਹੈ। ਪੁਲਸ ਮੁਤਾਬਕ, ਮੋਹਾਲੀ ਦੀ ਫੋਰੈਂਸਿਕ ਲੈਬ ਵਿੱਚ ਵੀਡੀਓ ਦੀ ਜਾਂਚ ਕਰਵਾਈ ਗਈ, ਜਿਸ ਵਿੱਚ ਸਪੱਸ਼ਟ ਹੋਇਆ ਹੈ ਕਿ ਆਤਿਸ਼ੀ ਨੇ ਕਿਤੇ ਵੀ 'ਗੁਰੂ' ਸ਼ਬਦ ਦਾ ਇਸਤੇਮਾਲ ਨਹੀਂ ਕੀਤਾ ਅਤੇ ਵੀਡੀਓ ਨਾਲ ਛੇੜਛਾੜ ਕੀਤੀ ਗਈ ਸੀ। ਇਸ ਐੱਫ. ਆਈ. ਆਰ. ਦਿੱਲੀ ਵਿਧਾਨ ਸਭਾ ਦੇ ਸਪੀਕਰ ਵਿਜੇਂਦਰ ਗੁਪਤਾ ਨੇ ਪੰਜਾਬ ਪੁਲਸ ਦੀ ਇਸ ਕਾਰਵਾਈ 'ਤੇ ਸਖ਼ਤ ਇਤਰਾਜ਼ ਜਤਾਇਆ ਹੈ। ਉਨ੍ਹਾਂ ਕਿਹਾ ਕਿ ਸਦਨ ਦੇ ਅੰਦਰ ਦੀ ਰਿਕਾਰਡਿੰਗ ਵਿਧਾਨ ਸਭਾ ਦੀ ਜਾਇਦਾਦ ਹੈ ਅਤੇ ਇਸ 'ਤੇ ਦੂਜੇ ਸੂਬੇ ਦੀ ਪੁਲਿਸ ਵੱਲੋਂ ਐੱਫ.ਆਈ.ਆਰ. ਦਰਜ ਕਰਨਾ 'ਵਿਸ਼ੇਸ਼ ਅਧਿਕਾਰ ਹੰਨਣ' ਦਾ ਮਾਮਲਾ ਹੈ। ਇਸ ਸੰਬੰਧੀ ਜਲੰਧਰ ਪੁਲਸ ਕਮਿਸ਼ਨਰ ਨੇ ਸਦਨ ਦੀ ਜਾਇਦਾਦ ਨਾਲ ਗਲਤ ਦਖਲਅੰਦਾਜ਼ੀ ਕੀਤੀ ਹੈ, ਜਿਸ ਕਾਰਨ ਉਨ੍ਹਾਂ ਵਿਰੁੱਧ ਕਾਰਵਾਈ ਕੀਤੀ ਜਾਵੇਗੀ। ਇਸ ਪਿੱਛੋਂ ਮਾਮਲੇ ਉੱਤੇ ਵਿਧਾਇਕ ਕਪਿਲ ਮਿਸ਼ਰਾ ਨੇ ਕਿਹਾ ਕਿ ਕੇਜਰੀਵਾਲ ਦੀ ਪੁਲਸ ਉਨ੍ਹਾਂ ਨੂੰ ਡਰਾ ਨਹੀਂ ਸਕਦੀ ਅਤੇ ਸਾਰੀ ਦੁਨੀਆ ਨੇ ਉਹ ਵੀਡੀਓ ਸੁਣੀ ਹੈ। ਹੁਣ ਤਕ ਇਸ ਮਾਮਲੇ ਵਿੱਚ ਐੱਸ.ਜੀ.ਪੀ.ਸੀ. ਪ੍ਰਧਾਨ ਹਰਜਿੰਦਰ ਸਿੰਘ ਧਾਮੀ ਅਤੇ ਅਕਾਲ ਤਖ਼ਤ ਦੇ ਜਥੇਦਾਰ ਨੇ ਆਤਿਸ਼ੀ ਦੇ ਕਥਿਤ ਬਿਆਨ ਦੀ ਨਿੰਦਾ ਕੀਤੀ ਅਤੇ ਉਸ ਦੀ ਮੈਂਬਰਸ਼ਿਪ ਰੱਦ ਕਰਨ ਦੀ ਮੰਗ ਕੀਤੀ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਭਾਜਪਾ ਦੇ ਸੂਬਾ ਪ੍ਰਧਾਨ ਸੁਨੀਲ ਜਾਖੜ ਨੇ ਵੀ ਆਤਿਸ਼ੀ 'ਤੇ ਨਿਸ਼ਾਨਾ ਸਾਧਦਿਆਂ ਉਸ ਦੇ ਅਸਤੀਫੇ ਦੀ ਮੰਗ ਕੀਤੀ ਹੈ।




## ਸ਼ਹੀਦਾਂ ਦੀ ਯਾਦ 'ਚ ਅਤੇ ਭਲਵਾਨਾਂ ਦੀ ਚੜ੍ਹਦੀ ਕਲਾ ਲਈ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਸੇਵਾ ਇੰਗਲੈਂਡ ਨਿਵਾਸੀ ਸ. ਜੋਗਿੰਦਰ ਸਿੰਘ ਢੰਡੋਵਾਲ ਦੇ ਪਰਿਵਾਰ ਵੱਲੋਂ ਹੋਵੇਗੀ।

ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਆਰੰਭਤਾ 12 ਜਨਵਰੀ, 2026 (ਦਿਨ ਸੋਮਵਾਰ) ਸਵੇਰੇ 10.00 ਵਜੇ ਨੂੰ ਹੋਵੇਗੀ, ਜਿਨ੍ਹਾਂ ਦੇ ਭੋਗ 14 ਜਨਵਰੀ, 2026 (ਦਿਨ ਬੁੱਧਵਾਰ) ਨੂੰ ਸਵੇਰੇ 10.00 ਵਜੇ ਪਾਏ ਜਾਣਗੇ। ਅਰਦਾਸ ਉਪਰੰਤ ਦੀਵਾਨ ਸਜਣਗੇ, ਜਿਸ ਦੌਰਾਨ ਪੰਥ ਪ੍ਰਸਿੱਧ ਰਾਗੀ-ਢਾਡੀ ਸੰਗਤਾਂ ਨੂੰ ਨਿਹਾਲ ਕਰਨਗੇ। ਉਪਰੰਤ ਛਿੰਝ ਦੌਰਾਨ ਭਲਵਾਨ ਆਪਣੀ ਭਲਵਾਨੀ ਦੇ ਜੌਹਰ ਦਿਖਾਉਣਗੇ।

ਛਿੰਝ ਮੇਲੇ ਦਾ ਲਾਈਵ ਪ੍ਰਸਾਰਣ ਆਵਾਜ਼ਿ ਕੌਮ AWAZE QAUM WEB TV 'ਤੇ ਦੇਖਿਆ ਜਾ ਸਕਦਾ ਹੈ।

**ਸਮੂਹ ਇਲਾਕਾਵਸੀਆਂ ਨੂੰ ਪਹੁੰਚਣ ਦਾ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ ਜੀ**

**ਵੱਲੋਂ: ਸਮੂਹ ਨਗਰ ਨਿਵਾਸੀ ਪਿੰਡ ਢੰਡੋਵਾਲ, ਸ਼ਾਹਕੋਟ (ਜਲੰਧਰ)**

ਸੰਪਰਕ: (ਨਛੱਤਰ ਸਿੰਘ ਸੱਤੀ) 98151-02950, 82840-32366 (ਬਲਿਹਾਰ ਸਿੰਘ ਨੰਬਰਦਾਰ), (ਜੀਤ ਸਿੰਘ) 92573-40139

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਨਾਮ ਜਪੋ Naam Japo
ਕਿਰਤ ਕਰੋ Kirat Karo
ਵੰਡ ਛਕੋ Vand Shako
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke
Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and
Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

# ਖਾਲਿਸਤਾਨ ਜ਼ਿੰਦਾਬਾਦ ਫੋਰਸ ਦੇ ਸੀਨੀਅਰ ਆਗੂ ਭਾਈ ਗੁਰਮੀਤ ਸਿੰਘ ਬੱਗਾ (ਜਰਮਨੀ) ਨੂੰ ਸਦਮਾ, ਪਿਤਾ ਸ. ਪਰਮਜੀਤ ਸਿੰਘ ਨੇ ਬੁਲਾਈ ਸੰਸਾਰ ਨੂੰ ਆਖਰੀ ਫ਼ਤਹਿ

## ਭਾਈ ਗੁਰਮੀਤ ਸਿੰਘ ਖਾਨਿਆਣ, ਭਾਈ ਪ੍ਰਗਟ ਸਿੰਘ ਨਿੱਝਰ, ਭਾਈ ਗੁਰਦਿਆਲ ਸਿੰਘ ਲਾਲੀ, ਭਾਈ ਸੁਖਦੇਵ ਸਿੰਘ ਹੇਰਾਂ ਅਤੇ ਭਾਈ ਸੁਰਿੰਦਰ ਸਿੰਘ ਠੀਕਰੀਵਾਲਾ ਨੇ ਦੁੱਖ ਪ੍ਰਗਟ ਕੀਤਾ



ਟਾਂਡਾ, 10 ਜਨਵਰੀ (ਪ.ਪ) : ਖਾਲਿਸਤਾਨ ਜ਼ਿੰਦਾਬਾਦ ਫੋਰਸ ਦੇ ਸੀਨੀਅਰ ਆਗੂ ਭਾਈ ਗੁਰਮੀਤ ਸਿੰਘ ਬੱਗਾ (ਜਰਮਨੀ) ਨੂੰ ਉਸ ਸਮੇਂ ਭਾਰੀ ਸਦਮਾ ਪਹੁੰਚਿਆ, ਜਦੋਂ ਉਨ੍ਹਾਂ ਦੇ ਪਿਤਾ ਸਰਦਾਰ ਪਰਮਜੀਤ ਸਿੰਘ ਅਕਾਲ ਚਲਾਣਾ ਕਰ ਗਏ। ਪਰਿਵਾਰ ਮੁਤਾਬਕ, ਸ. ਪਰਮਜੀਤ ਸਿੰਘ ਲੰਮੇ ਸਮੇਂ ਤੋਂ ਬਿਮਾਰ ਚੱਲ ਰਹੇ ਸਨ ਅਤੇ ਅੱਜ ਉਹਨਾਂ ਨੇ ਪਿੰਡ ਝੱਜਾ, ਜੋ ਕਿ ਟਾਂਡਾ ਦੇ ਨੇੜੇ ਸਥਿਤ ਹੈ, ਵਿੱਚ ਆਖ਼ਰੀ ਸਵਾਸ ਲਏ। ਇਸ ਦੁਖਦਾਈ ਘਟਨਾ ਨਾਲ ਪਰਿਵਾਰ ਅਤੇ ਇਲਾਕੇ ਵਿੱਚ ਸੋਗ ਦੀ ਲਹਿਰ ਦੀ ਦੌੜ ਗਈ ਹੈ। ਜ਼ਿਕਰਯੋਗ ਹੈ ਕਿ ਭਾਈ ਗੁਰਮੀਤ ਸਿੰਘ ਬੱਗਾ ਪਿਛਲੇ ਲੰਬੇ ਸਮੇਂ ਤੋਂ ਖਾਲਿਸਤਾਨੀ ਸੰਘਰਸ਼ ਦੇ ਪਹਿਲੀ ਕਤਾਰ ਦੇ ਆਗੂ ਵਜੋਂ ਵਿਚਰ ਰਹੇ ਹਨ ਤੇ ਨਾਲ ਨਾਲ ਜਲਾਵਤਨੀ ਦੀ ਜ਼ਿੰਦਗੀ ਵੀ ਬਿਤਾ ਰਹੇ ਹਨ, ਜਦਕਿ ਉਨ੍ਹਾਂ ਦੇ ਭਰਾ ਭਾਈ ਗੁਰਦੇਵ ਸਿੰਘ ਖ਼ਾਲਿਸਤਾਨੀ ਸੰਘਰਸ਼ ਨਾਲ ਜੁੜੇ ਮਾਮਲਿਆਂ ਵਿੱਚ ਪੰਜਾਬ ਦੀ ਜੇਲ੍ਹ ਵਿੱਚ ਲੰਮੇ ਸਮੇਂ ਤੋਂ ਬੰਦ ਹਨ। ਇੱਕ ਪਾਸੇ ਪਰਿਵਾਰ ਜੇਲ੍ਹਾਂ ਅਤੇ ਜਲਾਵਤਨੀ ਦਾ ਦਰਦ ਸਹਿ ਰਿਹਾ ਹੈ, ਦੂਜੇ ਪਾਸੇ ਪਿਤਾ ਦੇ ਦੇਹਾਂਤ ਨੇ ਇਸ ਦੁੱਖ ਨੂੰ ਹੋਰ ਵੀ ਗਹਿਰਾ ਕਰ ਦਿੱਤਾ ਹੈ। ਇਸ ਦੁਖ ਦੀ ਘੜੀ ਵਿੱਚ ਸ਼ਰੀਕ ਹੁੰਦਿਆਂ ਭਾਈ ਗੁਰਮੀਤ ਸਿੰਘ ਖਾਨਿਆਣ, ਭਾਈ ਪ੍ਰਗਟ ਸਿੰਘ ਨਿੱਝਰ, ਭਾਈ ਗੁਰਦਿਆਲ ਸਿੰਘ ਲਾਲੀ, ਭਾਈ ਸੁਖਦੇਵ ਸਿੰਘ ਹੇਰਾਂ, ਭਾਈ ਸੁਰਿੰਦਰ ਸਿੰਘ ਠੀਕਰੀਵਾਲਾ ਨੇ ਸ. ਪਰਮਜੀਤ ਸਿੰਘ ਦੇ ਦੇਹਾਂਤ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ ਅਤੇ ਪਰਿਵਾਰ ਨਾਲ ਹਮਦਰਦੀ ਜਤਾਈ ਜਾ ਰਹੀ ਹੈ। ਇਸ ਮੌਕੇ ਉਪਰੋਕਤ ਆਗੂਆਂ ਨੇ ਅਰਦਾਸ ਬੇਨਤੀ ਕਰਦਿਆਂ ਕਿਹਾ ਕਿ ਵਾਹਿਗੁਰੂ ਅਕਾਲ ਪੁਰਖ ਬਾਪੂ ਪਰਮਜੀਤ ਸਿੰਘ ਜੀ ਦੀ ਆਤਮਾ ਨੂੰ ਚਰਨਾਂ ਵਿੱਚ ਨਿਵਾਸ ਬਖ਼ਸ਼ੇ ਅਤੇ ਪਰਿਵਾਰ ਨੂੰ ਭਾਣਾ ਮੰਨਣ ਦੀ ਤਾਕਤ ਦੇਵੇ। ਇਸ ਮੌਕੇ ਸਿੱਖ ਜਥੇਬੰਦੀਆਂ, ਸਹਿਯੋਗੀਆਂ ਅਤੇ ਇਲਾਕੇ ਦੇ ਲੋਕਾਂ ਵੱਲੋਂ ਵੀ ਪਰਿਵਾਰ ਨਾਲ ਦੁੱਖ ਪ੍ਰਗਟਾਇਆ ਗਿਆ।

ਆਵਾਜ਼ਿ ਕੌਮ AWAZE QAUM
International Newspaper & WEB TV

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★









SANJHA PUNJAB

VEG & NON-VEG INDIAN

TAKE AWAY MENU

0116 291 1565

075 9999 5787

47 BELGRAVE ROAD
LEICESTER LE4 6AR

visit us : www.sanjhapunjab.co.uk
email: sanjha47@hotmail.com

SANJHA PUNJAB

VEG & NON-VEG INDIAN

0116 291 1565

visit us : www.sanjhapunjab.co.uk
email: sanjha47@hotmail.com

ALLERGY ADVICE !!

Please ask a member of staff if you have any food intolerance or allergies.

ਆਵਾਜ਼ ਕੌਮ AWAZE QAUM
International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway
Crossing, Maqsudan
Jalandhar-144 008

Contact :
98150-83338
70879-59639



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'

# ਕੌਮ ਦੇ ਹੀਰੇ



ਸ਼ਹੀਦ ਭਾਈ ਕੇਹਰ ਸਿੰਘ ਜੀ



ਸ਼ਹੀਦ ਭਾਈ ਬੇਅੰਤ ਸਿੰਘ ਜੀ



ਸ਼ਹੀਦ ਭਾਈ ਸਤਵੰਤ ਸਿੰਘ ਜੀ

## ਦੇ ਸ਼ਹੀਦੀ ਸਮਾਗਮ ਨੂੰ ਸਮਰਪਿਤ ਕੀਰਤਨ ਦਰਬਾਰ ਅਤੇ ਢਾਡੀ ਦਰਬਾਰ

ਪਿੰਡ ਮੁਸਤਫ਼ਾਬਾਦ, ਜਿਲ੍ਹਾਂ ਸ਼੍ਰੀ ਫਤਹਿਗੜ੍ਹ ਸਾਹਿਬ ( ਪੰਜਾਬ ) ਵਿਖੇ ਕਰਵਾਇਆ ਜਾ ਰਿਹਾ ਹੈ। ਸੰਗਤਾਂ ਨੂੰ ਬੇਨਤੀ ਹੈ ਕਿ ਇਸ ਕੀਰਤਨ ਸਮਾਗਮ ਵਿੱਚ ਹੁੰਮਹੁਮਾ ਕੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**ਪ੍ਰੋਗਰਾਮ: 11 ਜਨਵਰੀ 2026 ਦਿਨ ਐਤਵਾਰ**

* 10 ਵਜੇ ਪਾਠ ਸ਼੍ਰੀ ਸੁੱਖਮਨੀ ਸਾਹਿਬ ਜੀ
* ਉਪਰੰਤ ਕੀਰਤਨ ਸਮਾਗਮ ਅਤੇ ਢਾਡੀ ਦਰਬਾਰ
* 12 ਤੋਂ 1 ਵਜੇ ਤੱਕ ਸ਼ਹੀਦ ਸਿੰਘਾ ਜੀ ਦੇ ਜੀਵਨ ਅਤੇ ਸੰਘਰਸ਼ ਸਬੰਧੀ ਵਿਸ਼ੇਸ ਵਿਚਾਰਾ ਕੀਤੀਆਂ ਜਾਣਗੀਆਂ
* ਉਪਰੰਤ ਅਰਦਾਸ ਅਤੇ ਸਮਾਪਤੀ ਗੁਰੂ ਕਾ ਲੰਗਰ ਅਤੁੱਟ ਵਰਤੇਗਾ। :

ਆਵਾਜ਼ਿ ਕੌਮ AWAZE QAUM International Newspaper & WEB TV



ਬੇਨਤੀ ਕਰਤਾ: ਭਾਈ ਸਤਵੰਤ ਸਿੰਘ ( ਸਪੁੱਤਰ ਸ਼ਹੀਦ ਭਾਈ ਕੇਹਰ ਸਿੰਘ ਜੀ )

ਸਮੂੰਹ ਸ਼ਹੀਦ ਪਰਿਵਾਰ ,ਗ੍ਰਾਮ ਪੰਚਾਇਤ ਤੇ ਨਗਰ ਨਿਵਾਸੀ ਅਤੇ ਇਲਾਕਾ ਨਿਵਾਸੀ 98103-84682





### ਰੇਲਵੇ ਓਵਰ ਬ੍ਰਿਜ ਦੀ ਉਸਾਰੀ ਲਈ ਧੂਰੀ ਵਿਕਾਸ ਮੰਚ ਵੱਲੋਂ ਜੱਥੇਬੰਦੀਆਂ ਦੀ ਸਾਂਝੀ ਮੀਟਿੰਗ ਸੱਦਣ ਦਾ ਐਲਾਨ

# ਕੇਂਦਰੀ ਰਾਜ ਮੰਤਰੀ ਰਵਨੀਤ ਬਿੱਟੂ 'ਤੇ ਵਿਕਾਸ ਕਾਰਜਾਂ ਵਿੱਚ ਰੋੜਾ ਬਣਨ ਦੇ ਦੋਸ਼

**ਸੰਗਾਲਾ ( ਰਣਜੀਤ ਸਿੰਘ ਪੇਧਨੀ )**-ਧੂਰੀ ਸ਼ਹਿਰ ਦੀ ਨੁਹਾਰ ਬਦਲਣ ਅਤੇ ਲੰਬੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਨੂੰ ਪੂਰਾ ਕਰਵਾਉਣ ਲਈ ਧੂਰੀ ਵਿਕਾਸ ਮੰਚ (ਰਜਿ:) ਨੇ ਕਮਰ ਕੱਸ ਲਈ ਹੈ। ਬੀਤੇ ਦਿਨ ਮੰਚ ਦੇ ਚੇਅਰਮੈਨ ਜਗਸੀਰ ਸਿੰਘ ਜੱਗੀ ਢੀਂਡਸਾ ਅਤੇ ਪ੍ਰਧਾਨ ਅਮਨ ਗਰਗ ਦੀ ਪ੍ਰਧਾਨਗੀ ਹੇਠ ਹੋਈ ਕੋਰ ਕਮੇਟੀ ਦੀ ਅਹਿਮ ਮੀਟਿੰਗ ਵਿੱਚ ਸ਼ਹਿਰ ਦੇ ਵਿਕਾਸ ਕਾਰਜਾਂ ਦੀ ਮੌਜੂਦਾ ਸਥਿਤੀ 'ਤੇ ਡੂੰਘੀ ਚਿੰਤਾ ਪ੍ਰਗਟਾਈ ਗਈ। ਮੀਟਿੰਗ ਦੌਰਾਨ ਰੇਲਵੇ ਫਾਟਕਾਂ 'ਤੇ ਓਵਰ ਬ੍ਰਿਜ ਦੀ ਉਸਾਰੀ ਵਿੱਚ ਆ ਰਹੀਆਂ ਅੜਚਣਾਂ ਲਈ ਕੇਂਦਰ ਸਰਕਾਰ ਦੀ ਸਖ਼ਤ ਨਿਖੇਧੀ ਕੀਤੀ ਗਈ। ਮੰਚ ਦੇ ਉੱਪ ਚੇਅਰਮੈਨ ਐਡਵੋਕੇਟ ਰਾਜੇਸ਼ਵਰ ਚੌਧਰੀ ਅਤੇ ਸਕੱਤਰ ਜਨਰਲ ਹੰਸ ਰਾਜ ਬਜਾਜ ਨੇ ਸਾਂਝੇ ਤੌਰ 'ਤੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਅਤੇ ਹਲਕਾ ਵਿਧਾਇਕ ਭਗਵੰਤ ਸਿੰਘ ਮਾਨ ਧੂਰੀ ਦੇ ਵਿਕਾਸ ਲਈ ਦਿਨ-ਰਾਤ ਯਤਨਸ਼ੀਲ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਰੇਲਵੇ ਓਵਰ ਬ੍ਰਿਜ ਲਈ ਮਨਜ਼ੂਰੀ ਦਿੱਤੀ ਜਾ ਚੁੱਕੀ ਹੈ, ਪਰ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਇਸ ਪ੍ਰੋਜੈਕਟ ਵਿੱਚ ਕਥਿਤ ਤੌਰ 'ਤੇ ਸਿਆਸੀ ਰੋੜੇ ਅਟਕਾ ਰਹੇ ਹਨ। ਆਗੂਆਂ ਨੇ ਇਸ ਨੂੰ ਲੋਕ ਵਿਰੋਧੀ ਵਤੀਰਾ ਦੱਸਦਿਆਂ ਕਿਹਾ ਕਿ ਵਿਕਾਸ ਦੇ ਕੰਮਾਂ ਵਿੱਚ ਰਾਜਨੀਤੀ ਨਹੀਂ ਹੋਣੀ ਚਾਹੀਦੀ। ਓਵਰ ਬ੍ਰਿਜ ਦੀ ਉਸਾਰੀ ਨੂੰ ਜਲਦੀ ਅਮਲੀ ਜਾਮਾ ਪਹਿਨਾਉਣ ਲਈ ਮੰਚ ਨੇ ਫੈਸਲਾ ਕੀਤਾ ਹੈ ਕਿ ਸ਼ਹਿਰ ਦੀਆਂ ਸਮੂਹ ਸਮਾਜ ਸੇਵੀ ਅਤੇ ਵਿਕਾਸ ਪੱਖੀ ਜਥੇਬੰਦੀਆਂ ਦੀ ਇੱਕ ਸਾਂਝੀ ਮੀਟਿੰਗ ਜਲਦ ਬੁਲਾਈ ਜਾਵੇਗੀ। ਇਸ ਮੀਟਿੰਗ ਦਾ ਮਕਸਦ ਕੇਂਦਰ ਸਰਕਾਰ 'ਤੇ ਦਬਾਅ ਬਣਾਉਣਾ ਅਤੇ ਉਸਾਰੀ ਕਾਰਜ ਸ਼ੁਰੂ ਕਰਵਾਉਣਾ ਹੈ।



ਮੀਟਿੰਗ ਵਿੱਚ ਸ਼ਹਿਰ ਦੀਆਂ ਹੋਰ ਭਖਦੀਆਂ ਮੰਗਾਂ 'ਤੇ ਰਾਮ ਬਾਗ ਤੋਂ ਸੰਗਰੂਰ ਬਾਈਪਾਸ ਤੱਕ ਓਵਰ ਬ੍ਰਿਜ ਦੀ ਉਸਾਰੀ, ਮਾਲੇਰਕੋਟਲਾ ਤੋਂ ਸੰਗਰੂਰ ਰੋਡ 'ਤੇ ਸੜਕੀ ਡਿਵਾਈਡਰ ਬਣਾਉਣ ਦੀ ਮੰਗ, ਕੱਕੜਵਾਲ ਚੌਂਕ ਵਿੱਚ ਹਾਦਸਿਆਂ ਨੂੰ ਰੋਕਣ ਲਈ ਟ੍ਰੈਫਿਕ ਲਾਈਟਾਂ ਚਾਲੂ ਕਰਨਾ, ਫੂਡ ਸਪਲਾਈ ਦੇ ਪੁਰਾਣੇ ਗੁਦਾਮਾਂ ਦੀ ਜਗ੍ਹਾ 'ਤੇ ਆਧੁਨਿਕ ਬੱਸ ਸਟੈਂਡ ਦੀ ਸਥਾਪਨਾ ਅਤੇ ਸ਼ਹਿਰ ਦੀਆਂ ਅੰਦਰੂਨੀ ਸੜਕਾਂ ਦੀ ਮੁਰੰਮਤ ਦੀ ਮੰਗ ਕੀਤੀ ਗਈ। ਇਨ੍ਹਾਂ ਮੰਗਾਂ ਸਬੰਧੀ ਮੰਚ ਦਾ ਇੱਕ ਵਫ਼ਦ ਜਲਦ ਹੀ ਮੁੱਖ ਮੰਤਰੀ ਦੇ ਕੈਂਪ ਦਫ਼ਤਰ ਦੇ ਨੁਮਾਇੰਦਿਆਂ ਨਾਲ ਮੁਲਾਕਾਤ ਕਰੇਗਾ। ਮੰਚ ਨੇ ਸ਼ਹਿਰ ਦੀ ਸੁਰੱਖਿਆ ਨੂੰ ਮੁੱਖ ਰੱਖਦਿਆਂ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ 1.25 ਕਰੋੜ ਰੁਪਏ ਦੀ ਲਾਗਤ ਨਾਲ ਸੀਸੀਟੀਵੀ ਕੈਮਰੇ ਲਗਵਾਉਣ ਦੇ ਫੈਸਲੇ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸੰਦੀਪ ਬਾਂਸਲ, ਮਨੋਹਰ ਸਿੰਘ ਸੱਗੂ, ਅਮਨਦੀਪ ਡਿੰਪੀ ਗਰਗ, ਮਨਿੰਦਰ ਸਿੰਘ ਢੀਂਡਸਾ ਅਤੇ ਸੁਰਿੰਦਰਪਾਲ ਸਿੰਘ ਨੀਟਾ ਸਮੇਤ ਕਈ ਆਗੂ ਹਾਜ਼ਰ ਸਨ।

### ਮੁੱਖ ਮੰਤਰੀ ਭਗਵੰਤ ਮਾਨ ਦੇ ਯਤਨਾਂ ਦੀ ਸ਼ਲਾਘਾ

ਆਵਾਜ਼ਿ ਕੌਮ
AWAZE QAUM
International Newspaper & WEB TV

# ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਝੁੱਗੀਆਂ ਵਾਲੇ ਗਰੀਬਾਂ ਨਾਲ ਮਨਾਇਆ ਗੁਰੂ ਗੋਬਿੰਦ ਸਿੰਘ ਜੀ ਦਾ ਜਨਮ ਦਿਨ

## ਲੋੜਵੰਦਾਂ ਨੂੰ ਠੰਡ ਤੋਂ ਬਚਾਉਣ ਲਈ ਜਰਸੀਆਂ ਅਤੇ ਸ਼ਾਲਾਂ ਨਾਲ ਕੀਤਾ ਗਿਆ ਸਨਮਾਨਿਤ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸਥਾਨਕ ਦਾਣਾ ਮੰਡੀ ਵਿੱਚ ਲਗਭਗ 40 ਵਰਿਆਂ ਤੋਂ ਝੌਂਪੜੀਆਂ ਵਿੱਚ ਰਹਿ ਰਹੇ ਗਰੀਬ ਲੋਕਾਂ ਨੂੰ ਠੰਡ ਤੋਂ ਬਚਾਉਣ ਦੇ ਉਪਰਾਲੇ ਵਜੋਂ ਉਨਾਂ ਦੇ ਨਿੱਕੇ ਨਿੱਕੇ ਮਸੂਮ ਬੱਚਿਆਂ ਨੂੰ ਜਰਸੀਆਂ , ਔਰਤਾਂ ਨੂੰ ਸੋਲ ਅਤੇ ਕੰਬਲਾਂ ਨਾਲ ਸਨਮਾਨਿਤ ਕਰਦਿਆਂ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਜਨਮ ਦਿਨ ਮਨਾਇਆ ਗਿਆ। ਉਪਰੋਕਤ ਜਾਣਕਾਰੀ ਦਿੰਦਿਆਂ ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਦੱਸਿਆ ਕਿ ਝੁੱਗੀਆਂ ਵਿੱਚ ਰਹਿਣ ਵਾਲੇ ਇਹ ਗਰੀਬ ਲੋਕ ਗੁਰੂ ਗੋਬਿੰਦ ਸਿੰਘ ਪਾਤਸ਼ਾਹ ਜੀ ਦੇ ਜਨਮ ਸਥਾਨ ਪਟਨਾ ਸਾਹਿਬ ਦੇ ਵਸਨੀਕ ਹਨ, ਉਹਨਾਂ ਕਿਹਾ ਕਿ ਗੁਰੂ ਸਾਹਿਬਾਨਾਂ ਨੇ ਗੋਲਕ ਨੂੰ ਗਰੀਬ ਦਾ ਗਰੀਬ ਦਾ ਮੂੰਹ ਕਿਹਾ ਸੀ ਪਰ ਅਫਸੋਸ ਗੁਰਦੁਆਰਿਆਂ ਵਿੱਚ ਪਈਆਂ ਗੋਲਕਾਂ ਦਾ ਮੂੰਹ ਗਰੀਬਾਂ ਵੱਲ ਨਹੀਂ ਹੋ ਸਕਿਆ, ਅੰਤ ਵਿੱਚ ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਜ਼ਿੰਦਗੀ ਜਿਉਣ ਦੀ ਅਰਥਾਂ ਨੂੰ ਸਮਝਣ ਅਤੇ ਚੇਤਨ ਬੁੱਧੀ ਰੱਖਣ ਵਾਲੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਗੁਰੂ ਗੋਬਿੰਦ ਸਿੰਘ ਪਾਤਸ਼ਾਹ ਜੀ ਵਰਗੇ ਮਹਾਨ ਰਹਿਬਰਾਂ ਦੇ ਜਨਮ ਅਤੇ ਸ਼ਹੀਦੀ ਦਿਨ ਗਰੀਬਾਂ ਅਤੇ ਲੋੜਵੰਦਾਂ ਦੀ ਮਦਦ ਕਰਕੇ ਮਨਾਉਂਦਿਆਂ , ਗੁਰੂ ਸਾਹਿਬਾਨਾਂ ਦਾ ਅਸ਼ੀਰਵਾਦ ਪ੍ਰਾਪਤ ਕਰਨ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਿਤ ਸਮਾਗਮ

## ਅਵਤਾਰ ਪੁਰਬ ਧੰਨ ਧੰਨ ਸ਼੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ

ਸ਼ਹੀਦੀ ਦਿਹਾੜਾ ਕੌਮੀ ਹੀਰੇ ਸਿੱਖ ਕੌਮ ਦੇ ਯੋਧੇ ਸ਼ਹੀਦ ਭਾਈ ਸਤਵੰਤ ਸਿੰਘ ਜੀ ਅਗਵਾਨ ਸ਼ਹੀਦ ਭਾਈ ਕੇਹਰ ਸਿੰਘ ਜੀ ਅਤੇ ਸ਼ਹੀਦ ਭਾਈ ਬੇਅੰਤ ਸਿੰਘ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ




**ਸ਼ਨਿੱਚਰਵਾਰ 10 ਜਨਵਰੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।**

ਐਤਵਾਰ 11 ਜਨਵਰੀ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਉਪਰੰਤ 12 :30 ਵਜੇ ਤੱਕ ਦੀਵਾਨ ਸੱਜਣਗੇ ।



ਗਿਆਨੀ ਸੁਖਚੈਨ ਸਿੰਘ ਜੀ ਦਮਦਮੀ ਟਕਸਾਲ ਵਾਲੇ

ਕਥਾ ਵਾਚਕ ਗਿਆਨੀ ਸੁਖਚੈਨ ਸਿੰਘ ਦਮਦਮੀ ਟਕਸਾਲ ਵਾਲੇ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਸ਼੍ਰੀ ਸਹਿਜ ਪਾਠ ਸਾਹਿਬ ਜੀ ਭੋਗ ਐਤਵਾਰ 11 ਜਨਵਰੀ 10 :30 ਵਜੇ ਪੈਣਗੇ ਦਸਵੇਂ ਪਾਤਸ਼ਾਹ ਜੀ ਸਮਰਪਿਤ ਸਿੱਖ ਸੰਗਤਾਂ ਵੱਲੋਂ ਸਹਿਜ ਪਾਠ ਦੀ ਸੇਵਾ ਲਈ ਗਈ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778


350 ਸਾਲਾ ਸ਼ਹੀਦੀ ਦਿਵਸ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦੁਰ ਜੀ ਮਹਾਰਾਜ, ਭਾਈ ਮਤੀਦਾਸ ਭਾਈ ਸਤੀ ਦਾਸ ਭਾਈ ਦਿਆਲਾ ਜੀ ਨੂੰ ਸਮਰਪਿਤ
ਸੁੱਖ ਸੇਵਾ ਸਿਮਰਨ ਟਰੱਸਟ (ਰਜ਼ਿ:)
ਵੱਲੋਂ
21 ਸਭਾਗੇ ਜੋੜਿਆਂ ਦੇ ਅਨੰਦ ਕਾਰਜ
ਅਨੰਦ ਕਾਰਜ ਅਤੇ ਗੁਰਮਤਿ ਸਮਾਗਮ
ਮਿਤੀ 22 ਫਰਵਰੀ 2026
ਸਵੇਰੇ 10 ਤੋਂ ਦੁਪਹਿਰ 3 ਵਜੇ ਤੱਕ
ਸਥਾਨ - ਗੁਰਦੁਆਰਾ ਸ੍ਰੀ ਗੁਰੂ ਗ੍ਰੰਥਸਰ ਦਾਦੂ ਸਾਹਿਬ ਨੇੜੇ ਕਾਲਾਂਵਾਲੀ ਮੰਡੀ, ਜ਼ਿਲ੍ਹਾ ਸਿਰਸਾ (ਹਰਿਆਣਾ)
LIVE ON
Akaal
CHARDIKLA TIME TV
ਆਵਾਜ਼ਿ ਕੌਮ AWAZE QAUM TV
YouTube
ਲੋੜਵੰਦ ਪ੍ਰੀਵਾਰ ਆਪਣੀਆਂ ਬੱਚੀਆਂ ਦੇ ਨਾਮ 15 ਜਨਵਰੀ ਤੋਂ ਪਹਿਲਾਂ ਪਹਿਲਾਂ ਦਰਜ ਕਰਵਾਉਣ ਦੀ ਕਿਰਪਾਲਤਾ ਕਰੋ ਜੀ
ਬੇਨਤੀ ਕਰਤਾ - ਸੁੱਖ ਸੇਵਾ ਸਿਮਰਨ ਟਰਸੱਟ (ਰਜ਼ਿ) ਜੱਥਾ ਦਾਦੂ ਸਾਹਿਬ
ਸਮੂੰਹ ਨਗਰ ਅਤੇ ਇਲਾਕਾ ਨਿਵਾਸੀ ਸਾਧ ਸੰਗਤ
ਨੋਟ: ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਸੰਪਰਕ ਨੰ: 93560-60960, 97791-72813
ਅੰਬੈਸਡਰ ਫਾਰ ਪੀਸ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ, ਸੁੱਖ ਸੇਵਾ ਸਿਮਰਨ ਟਰੱਸਟ (ਰਜ਼ਿ:)


ਲੜੀਵਾਰ ਕਥਾ ਵਿਚਾਰ
ਦਿੱਲੀ ਵਿਖੇ
ਗੁਰਦੁਆਰਾ ਸ਼ੀਸ਼ ਗੰਜ ਸਾਹਿਬ
10 ਜਨਵਰੀ 2026 ਸ਼ਨੀਵਾਰ ਨੂੰ
ਸਵੇਰੇ 7:30 ਤੋਂ 8:30 ਵਜੇ ਤੱਕ
ਗੁਰਦੁਆਰਾ ਬੰਗਲਾ ਸਾਹਿਬ
11 ਜਨਵਰੀ 2026 ਐਤਵਾਰ ਨੂੰ
ਸਵੇਰੇ 7:30 ਤੋਂ 8:30 ਵਜੇ ਤੱਕ
Live On PTC ਸਿਮਰਨ
Live On CHARDIKLA TIME TV
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਗੁਰਮਤਿ ਵਿਚਾਰਾਂ ਦੀ ਸਾਂਝ ਪਾਉਣਗੇ ਜੀ
/BhaiBaljitSinghDaduwal /Daduwal /Daduwal /DaduwalTV
www.bhaibaljitsinghji.com
98140-15740, 93560-60960

ਵਾਹਿਗੁਰੂ ਜੀ ਕਾ ਖਾਲਸਾ ॥
ਵਾਹਿਗੁਰੂ ਜੀ ਕੀ ਫ਼ਤਿਹ ॥

# ਗੁਰਦੁਆਰਾ ਬਾਬਾ ਸੰਗ ਜੀ ਹਾਈ ਸਟਰੀਟ ਸਮੈਦਿਕ ਬਰਮਿੰਘਮ ਇੰਗਲੈਂਡ

ਵਿਖੇ ਮਾਘੀ ਦੇ ਇਤਿਹਾਸਿਕ ਦਿਨ ਟੁੱਟੀ ਗੰਢੀ ਦਿਹਾੜੇ ਤੇ ਮੁਕਤਸਰ ਸਾਹਿਬ ਦੇ ਸਮੂਹ ਸ਼ਹੀਦਾਂ ਦੀ ਯਾਦ ਵਿੱਚ ਇੰਟਰਨੈਸ਼ਨਲ ਪੰਥਕ ਦਲ ਯੂ. ਕੇ. (ਬਾਨੀ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ) ਵੱਲੋਂ

# ਧਾਰਮਿਕ ਸ਼ਹੀਦੀ ਸਮਾਗਮ

## 18 ਜਨਵਰੀ, 2026 (ਦਿਨ ਐਤਵਾਰ)




### ਗੁਰੂ ਪਿਆਰੀ ਸਾਧ ਸੰਗਤ ਜੀਓ,

ਜਿਸ ਤਰ੍ਹਾਂ ਆਪ ਜੀ ਭਲੀ ਭਾਂਤ ਜਾਣਦੇ ਹੋ ਕਿ ਸਿੱਖ ਇਤਿਹਾਸ ਵਿੱਚ ਮੁਕਤਸਰ ਸਾਹਿਬ ਦੀ ਪਵਿੱਤਰ ਧਰਤੀ ਨੂੰ ਵਿਲੱਖਣ ਮਹੱਤਤਾ ਪ੍ਰਾਪਤ ਹੈ। ਇੱਥੇ ਭਾਈ ਮਹਾ ਸਿੰਘ ਜੀ ਦੀ ਅਗਵਾਈ ਹੇਠ ਉਹ ਸਿੰਘ, ਜੋ ਆਨੰਦਪੁਰ ਸਾਹਿਬ ਦੀ ਘੇਰਾਬੰਦੀ ਦੌਰਾਨ ਬੇਦਾਵਾ ਦੇ ਕੇ ਚਲੇ ਗਏ ਸਨ, ਮਾਤਾ ਭਾਗ ਕੌਰ ਜੀ ਦੀ ਪ੍ਰੇਰਣਾ ਨਾਲ ਪਸ਼ਚਾਤਾਪ ਕਰਦੇ ਹੋਏ ਮੁੜ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸ਼ਰਨ ਵਿੱਚ ਆਏ। ਮੁਕਤਸਰ ਦੀ ਜੰਗ ਵਿੱਚ ਚਾਲੀ ਸਿੰਘਾਂ ਨੇ ਅਦੁੱਤੀ ਬਹਾਦਰੀ ਦਾ ਪ੍ਰਗਟਾਵਾ ਕਰਦੇ ਹੋਏ ਸ਼ਹਾਦਤਾਂ ਪ੍ਰਾਪਤ ਕਰਕੇ ਗੁਰੂ ਨਾਲੋਂ ਟੁੱਟੀ ਗੰਢੀ। ਗੁਰੂ ਗੋਬਿੰਦ ਸਿੰਘ ਜੀ ਨੇ ਉਨ੍ਹਾਂ ਦੀ ਮਹਾਨ ਕੁਰਬਾਨੀ ਨੂੰ ਦੇਖ ਕੇ ਬੇਦਾਵਾ ਪਾੜ ਦਿੱਤਾ ਅਤੇ ਉਨ੍ਹਾਂ ਨੂੰ "ਚਾਲੀ ਮੁਕਤਿਆਂ" ਖਿਤਾਬ ਬਖ਼ਸ਼ਿਆ।

ਇਹ ਪਾਵਨ ਸ਼ਹਾਦਤ ਅੱਜ ਵੀ ਸਾਨੂੰ ਇਹ ਸੰਦੇਸ਼ ਦਿੰਦੀ ਹੈ ਕਿ ਜੇ ਅਸੀਂ ਅਣਜਾਣੇ ਵਿੱਚ ਕਦੇ ਗੁਰੂ ਤੋਂ ਬੇਦਾਵਾ ਦੇ ਬੈਠੇ ਹਾਂ, ਤਾਂ ਗੁਰੂ ਦੇ ਚਰਨਾਂ ਵਿੱਚ ਆ ਕੇ ਆਪਣੇ ਜੀਵਨ ਦਾ ਬੇਦਾਵਾ ਆਪ ਹੀ ਪਾੜੀਏ ਅਤੇ ਗੁਰੂ ਨਾਲ ਪ੍ਰੀਤ ਨਿਭਾਉਣ ਦੀ ਅਰਦਾਸ ਕਰੀਏ।

### ⋆ ਪ੍ਰੋਗਰਾਮ ⋆

ਆਰੰਭ ਸ੍ਰੀ ਅਖੰਡ ਪਾਠ ਸਾਹਿਬ 16 ਜਨਵਰੀ 2026 ਦਿਨ ਸ਼ੁਕਰਵਾਰ ਸਵੇਰੇ 10 ਵਜੇ
ਭੋਗ ਸ੍ਰੀ ਅਖੰਡ ਪਾਠ ਸਾਹਿਬ 18 ਜਨਵਰੀ 2026 ਦਿਨ ਐਤਵਾਰ ਸਵੇਰੇ 10 ਵਜੇ

**********************

ਭੋਗ ਤੋਂ ਉਪਰੰਤ ਕੀਰਤਨੀ ਜਥਾ ਭਾਈ ਬਲਵੰਤ ਸਿੰਘ ਜੀ ਕਵੀਸ਼ਰੀ ਜਥਾ ਭਾਈ ਮਲਕੀਤ ਸਿੰਘ ਬੰਗਾ ਪੰਛੀ ਭਰਾਵਾਂ ਦੀ ਜੋੜੀ, ਕਥਾਕਾਰ ਗਿਆਨੀ ਗੁਰਪਾਲ ਸਿੰਘ ਗੁਰਦਾਸਪੁਰ ਵਾਲੇ ਅਤੇ ਪੰਥਕ ਬੁਲਾਰੇ ਸੰਗਤਾਂ ਨੂੰ ਨਿਹਾਲ ਕਰਨਗੇ



ਕੀਰਤਨੀ ਜਥਾ ਭਾਈ ਬਲਵੰਤ ਸਿੰਘ ਜੀ




ਕੀਰਤਨੀ ਜਥਾ, ਭਾਈ ਬਲਵੰਤ ਸਿੰਘ ਜੀ, ਕਵੀਸ਼ਰੀ ਜਥਾ ਭਾਈ ਮਲਕੀਤ ਸਿੰਘ ਬੰਗਾ, ਪੰਛੀ ਭਰਾਵਾਂ ਦੀ ਜੋੜੀ



ਕਥਾਕਾਰ ਗਿਆਨੀ ਗੁਰਪਾਲ ਸਿੰਘ ਗੁਰਦਾਸਪੁਰ ਵਾਲੇ



### ⋆ ਗੁਰੂ ਪੰਥ ਦੇ ਸੇਵਾਦਾਰ ⋆

# ਇੰਟਰਨੈਸ਼ਨਲ ਪੰਥਕ ਦਲ ਯੂ. ਕੇ.

(ਬਾਨੀ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ, ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ)

ਵਧੇਰੇ ਜਾਣਕਾਰੀ ਲਈ →

ਭਾਈ ਰਘਵੀਰ ਸਿੰਘ ਵਾਲਸਾਲ, ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਯੂਕੇ, ਮੋ. : +44 7976210161
ਭਾਈ ਕਪਤਾਨ ਸਿੰਘ, ਜਨਰਲ ਸਕੱਤਰ ਤੇ ਮੁੱਖ ਬੁਲਾਰਾ, ਇੰਟਰਨੈਸ਼ਨਲ ਪੰਥਕ ਦਲ ਯੂਕੇ, +44 7788283485
ਭਾਈ ਰਘਵੀਰ ਸਿੰਘ ਬੀਰ੍ਹਾ, ਸੀਨੀਅਰ ਮੀਤ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਯੂਕੇ ਅਤੇ (ਸਾਬਕਾ ਪ੍ਰਧਾਨ ਗੁਰਦੁਆਰਾ ਬਾਬਾ ਸੰਗ ਜੀ) +44 7930908368

**Address: GURDWARA BABA SANG JI**
**9 St Paul's Rd, Smethwick Birmingham B66 1EE**

### ਗੁਰਦੁਆਰਾ ਸੀਸਗੰਜ ਸਾਹਿਬ ਚਾਂਦਨੀ ਚੌਂਕ ਦਿੱਲੀ ਵਿਖੇ

# ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰਬਾਣੀ ਕਥਾ ਵਿਚਾਰ ਦੀ ਹਾਜ਼ਰੀ ਭਰੀ



ਗੁਰਦੁਆਰਾ ਸੀਸਗੰਜ ਸਾਹਿਬ ਚਾਂਦਨੀ ਚੌਂਕ ਦਿੱਲੀ ਵਿਖੇ ਅੱਜ ਲੜੀਵਾਰ ਗੁਰਬਾਣੀ ਕਥਾ ਵਿਚਾਰ ਦੀ ਹਾਜ਼ਰੀ ਭਰਦੇ ਹੋਏ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਸਨਮਾਨਿਤ ਕਰਦੇ ਪ੍ਰਬੰਧਕ,ਹਾਜ਼ਰੀ ਭਰਦੀਆਂ ਸਿੱਖ ਸੰਗਤਾਂ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ, ਯੂ. ਕੇ.)

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪੋਸੀ ਪਿੰਡ ਵਿਚ

# ਲੋਹੜੀ ਧੀਆਂ ਦੀ ਪੁੱਤਰਾਂ ਵਾਂਗੂ ਪਾਈਏ ਦੀ ਅਵਾਜ਼ ਗੂੰਜੀ












**ਹਰਪ੍ਰੀਤ ਸਿੰਘ ਪਠਲਾਵਾ ਦੀ ਵਿਸ਼ੇਸ਼ ਰਿਪੋਰਟ**

ਤਹਿਸੀਲ ਗੜ੍ਹਸ਼ੰਕਰ ਦੇ ਸਭ ਤੋਂ ਵੱਡੇ ਪਿੰਡ ਪੋਸੀ ਵਿਚ ਧੀਆਂ ਨੂੰ ਸਮਾਜ ਵਿਚ ਪੁਤਰਾਂ ਵਰਗਾ ਸਨਮਾਨ ਦੇਣ ਹਿਤ ਨਵਜੰਮੀਆਂ ਬਾਲੜੀਆਂ ਦੀ ਲੋਹੜੀ ਵੰਡਣ ਹਿਤ ਸ਼ਹੀਦ ਭਗਤ ਸਿੰਘ ਨਗਰ ਦੀਆਂ ਦੋ ਸਿਰਮੌਰ ਸੰਸਥਾਵਾਂ,ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਅਤੇ ਉਪਕਾਰ ਕੌਆਰਡੀਨੇਸ਼ਨ ਸੁਸਾਇਟੀ ਨਵਾਂ ਸ਼ਹਿਰ ਦੇ ਸਾਂਝੇ ਯਤਨਾਂ ਨਾਲ ਇਕ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ ਗਿਆ ਜਿਸਦੀ ਪ੍ਰਧਾਨਗੀ ਸੰਸਥਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ, ਸਰਪ੍ਰਸਤ ਸ ਬਲਵੀਰ ਸਿੰਘ ਐਕਸ ਆਰਮੀ ਸਾਹਿਬ, ਪ੍ਰਿੰਸੀਪਲ ਜਸਪਾਲ ਸਿੰਘ ਗਿੱਦਾ, ਪ੍ਰਮਜੀਤ ਸਿੰਘ ਸੂਰਾਪੁਰ, ਪਰਵਿੰਦਰ ਸਿੰਘ ਰਾਣਾ,ਅਤੇ ਮਾਸਟਰ ਗੁਰਚਰਨ ਸਿੰਘ ਵਲੋਂ ਸਾਂਝੇ ਤੌਰ ਤੇ ਕੀਤੀ ਗਈ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਸੰਸਥਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ, ਪ੍ਰਿੰਸੀਪਲ ਬਿਕਰਮਜੀਤ ਸਿੰਘ, ਪ੍ਰਮਜੀਤ ਸਿੰਘ ਸੂਰਾਪੁਰ, ਸੰਸਥਾ ਦੇ ਜਨਰਲ ਸਕੱਤਰ ਮਾ ਤਰਲੋਚਨ ਸਿੰਘ ਪਠਲਾਵਾ,ਮੁਖ ਬੁਲਾਰੇ ਲੈਕਚਰਾਰ ਤਰਸੇਮ ਪਠਲਾਵਾ, ਅਤੇ ਪ੍ਰਿੰਸੀਪਲ ਜਸਪਾਲ ਸਿੰਘ ਗਿੱਦਾ, ਨੇ ਇਕ ਸੁਰ ਵਿਚ ਬੋਲਦਿਆਂ ਆਖਿਆ ਕਿ ਧੀਆਂ ਪਰਿਵਾਰਾਂ ਦੀ ਸ਼ਾਨ ਹਨ ਜੋ ਅੱਜ ਦੇ ਸਮੇਂ ਵਿਚ ਜ਼ਿੰਦਗੀ ਦੇ ਹਰ ਖੇਤਰ ਵਿਚ ਬੁਲੰਦੀਆਂ ਨੂੰ ਛੂਹ ਰਹੀਆਂ ਹਨ ਪ੍ਰਸ਼ਾਸਨ ਅਤੇ ਹਾਕਿਮ ਧਿਰਾਂ ਨੂੰ ਅਪੀਲ ਕਰਦਿਆਂ ਬੁਲਾਰਿਆਂ ਨੇਂ ਆਖਿਆ ਕਿ ਬਾਲੜੀਆਂ ਅਤੇ ਔਰਤ ਸਮਾਜ ਤੇ ਹੋ ਰਹੇ ਘਿਨਾਉਣੇ ਅੱਤਿਆਚਾਰਾਂ ਨੂੰ ਠੱਲ ਪਾਉਣ ਲਈ ਬਣੇ ਹੋਏ ਕਾਨੂੰਨਾਂ ਨੂੰ ਸਖਤੀ ਨਾਲ ਲਾਗੂ ਕੀਤਾ ਜਾਣਾ ਬੁਹਤ ਜ਼ਰੂਰੀ ਹੈ। ਸਮਾਜ ਨੂੰ ਵੀ ਬੇਟੀਆਂ ਪ੍ਰਤੀ ਅਪਣਾਏ ਜਾ ਰਹੇ ਨਕਰਾਤਮਕ ਰੱਵਈਏ ਨੂੰ ਵੀ ਬਦਲਣਾ ਜ਼ਰੂਰੀ ਹੋਵੇਗਾ ਇਸ ਅਵਸਰ ਤੇ 25 ਨਵਜੰਮੀਆਂ ਬਾਲੜੀਆਂ ਨੂੰ ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਅਤੇ ਉਪਕਾਰ ਕੌਆਰਡੀਨੇਸ਼ਨ ਸੁਸਾਇਟੀ ਨਵਾਂ ਸ਼ਹਿਰ ਵਲੋਂ ਤੋਹਫ਼ੇ ਦੇ ਕੇ ਨਿਵਾਜਿਆ ਗਿਆ। ਇਸ ਮੌਕੇ ਤੇ ਸੁਨੇਹਾ ਸਾਂਝਾ ਕੀਤਾ ਗਿਆ ਕਿ ਲੋਹੜੀ ਧੀਆਂ ਦੀ ਪੁਤਰਾਂ ਵਾਂਗੂ ਪਾਈਏ।,ਧੀਆਂ ਦਾ ਸਤਿਕਾਰ ਕਰੋ ਪੁੱਤਰਾ ਵਾਂਗੂੰ ਪਿਆਰ ਕਰੋ। ਹੋਰਨਾਂ ਤੋਂ ਇਲਾਵਾ ਇਸ ਅਵਸਰ ਤੇ ਸੰਸਥਾ ਦੇ ਉਪ ਚੇਅਰਮੈਨ ਸ੍ਰੀ ਸੰਦੀਪ ਕੁਮਾਰ ਗੌੜ, ਪਰਵਿੰਦਰ ਸਿੰਘ ਰਾਣਾ,ਆਤਮਾ ਸਿੰਘ ਸੂਰਾਪੁਰ, ਡਾਕਟਰ ਕੁਲਦੀਪ ਰਾਜ ਬੰਗਾ, ਪ੍ਰੈਸ ਸਕੱਤਰ ਜੀ ਚੰਨੀ ਪਠਲਾਵਾ, ਕੁਲਵਿੰਦਰ ਸਿੰਘ ਲਾਲੀ, ਮੀਡੀਆ ਇੰਚਾਰਜ ਹਰਜੀਤ ਸਿੰਘ ਜੀਤਾ, ਇੰਦਰਜੀਤ ਸਿੰਘ ਦੁਬਈ,ਬੀਰਬਲ ਤੱਖੀ, ਜੋਤੀ ਬੱਗਾ , ਮੈਡਮ ਹਰਬੰਸ, ਮੈਡਮ ਕੁਲਵਿੰਦਰ ਕੌਰ ਵਾਰੀਆ, ਸ਼ਾਰਦਾ ਗੌੜ,, ਰਵਿੰਦਰ ਕੌਰ ਪਠਲਾਵਾ ਮੈਡਮ ਰਜਿੰਦਰ ਕੌਰ ਗਿੱਦਾ,, ਸਤੀਸ਼ ਕੁਮਾਰ ਐਮਾਂ ਜਟਾਂ , ਮਾਸਟਰ ਸ਼ਾਦੀ ਲਾਲ ਕਪੂਰ, ਲੈਕਚਰਾਰ ਸ਼ਾਮ ਸੁੰਦਰ ਜੀ ,ਮੈਡਮ ਸਮਾਂ ਮਲੱਹਣ ,ਸ ਹਰਪਾਲ ਸਿੰਘ ਹੰਸਰੋਂ, ਮੈਡਮ ਦਰਸ਼ਨ ਕੌਰ, ਮੈਡਮ ਕਮਲਜੀਤ ਕੌਰ,ਰਾਜੀਵ ਕੌਰ , ਜਗਦੀਸ਼ ਚੰਦਰ ਉਪਿੰਦਰ ਸਿੰਘ ਰਾਣਾ, ਸੁਸ਼ੀਲ ਰਾਣਾ,ਸੋਹਣ ਲਾਲ, ਸਤੀਸ਼ ਕੁਮਾਰ ਰਾਣਾ ਆਦਿ ਹਾਜ਼ਰ ਸਨ।

### ਵੱਡੇ ਘੱਲੂਘਾਰੇ ਦੇ ਸ਼ਹੀਦ ਸਿੰਘਾਂ ਦੀ ਯਾਦ ਵਿੱਚ ਅਬਦੁੱਲਾਪੁਰ ਚੁਹਾਣੇ ਕਲਾਂ

# ਸਮਾਗਮ 22 ਜਨਵਰੀ ਤੋਂ ਸ਼ੁਰੂ : ਬਾਬਾ ਕੁਲਵਿੰਦਰ ਸਿੰਘ

**ਸੰਗਾਲਾ ( ਰਣਜੀਤ ਸਿੰਘ ਪੇਧਨੀ )**-ਸ਼ਹੀਦ ਸਿੰਘਾਂ ਦੀ ਯਾਦ ਨੂੰ ਤਾਜ਼ਾ ਕਰਦਿਆਂ ਹੋਇਆਂ ਅਸਥਾਨ ਧੰਨ ਧੰਨ ਬਾਬੇ ਸਿੰਘ ਸਹੀਦ ਪਿੰਡ ਅਬਦੁੱਲਾਪੁਰ ਚੁਹਾਣੇ ਕਲਾਂ (ਮਾਲੇਰਕੋਟਲਾ) ਵਿਖੇ 22 ਜਨਵਰੀ ਤੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਲੜੀ ਸੁਰੂ ਹੋ ਕੇ 28 ਜਨਵਰੀ ਨੂੰ ਭੋਗ ਪੈਣਗੇ । ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ



ਅਸਥਾਨ ਦੇ ਮੁੱਖ ਸੇਵਾਦਾਰ ਸੰਤ ਬਾਬਾ ਕੁਲਵਿੰਦਰ ਸਿੰਘ ਜੀ ਨੇ ਦੱਸਿਆ ਕਿ ਰੋਜ਼ਾਨਾਂ ਸਾਮ ਨੂੰ ਨਾਮ ਦੇ ਰਸੀਏ, ਸੰਤ ਮਹਾਪੁਰਸ ਸੰਗਤਾਂ ਨੂੰ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਨਾਲ ਜੋੜਨਾ ਕਰਨਗੇ । ਉਨ੍ਹਾਂ ਕਿਹਾ ਕਿ 28 ਜਨਵਰੀ ਮਾਘ ਦੀ ਦਸਮੀ ਵਾਲੇ ਦਿਨ ਤੀਜੀ ਸਿਫਟ ਦੇ ਸ੍ਰੀ ਅਖੰਡ ਪਾਠ ਸਹਿਬ ਜੀ ਦੇ ਭੋਗ ਸਵੇਰੇ 8.00 ਵਜੇ ਪੈਣਗੇ ।ਭੋਗ ਉਪਰੰਤ ਪੰਜਾਬ ਦੇ ਪ੍ਰਸਿੱਧ ਰਾਗੀ,ਢਾਡੀ, ਸੰਤ ਮਹਾਪੁਰਸ ਆਪਣੇ ਕੀਰਤਨ ਰਾਹੀ ਹਾਜਰੀ ਭਰਨਗੇ । ਉਨ੍ਹਾਂ ਕਿਹਾ ਕਿ ਅੰਮ੍ਰਿਤ ਸੰਚਾਰ ਹੋਵੇਗਾ, ਅੰਮ੍ਰਿਤ ਛੱਕਣ ਵਾਲੇ ਪ੍ਰਾਣੀਆਂ ਨੂੰ ਕਕਾਰ ਫ੍ਰੀ ਦਿੱਤੇ ਜਾਣਗੇ। ਉਨ੍ਹਾਂ ਕਿਹਾ ਕਿ ਇਸ ਮਹਾਨ ਗੁਰਮਤਿ ਸਮਾਗਮ ਵਿੱਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਹੈਡ ਗ੍ਰੰਥੀ ਗਿਆਨੀ ਰਘਵੀਰ ਸਿੰਘ ਜੀ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰਨਗੇ।

# ਸ. ਕਰਨੈਲ ਸਿੰਘ ਪੀਰ ਮੁਹੰਮਦ ਵੱਲੋਂ ਭਾਈ ਕੰਵਰ ਸਿੰਘ ਧਾਮੀ ਜੀ ਨੂੰ ਸ਼ਰਧਾਂਜਲੀ ਭੇਟ

ਚੰਡੀਗੜ੍ਹ, 10 ਜਨਵਰੀ (ਆਵਾਜ਼ਿ ਕੌਮ ਬਿਊਰੋ)-ਸ. ਕਰਨੈਲ ਸਿੰਘ ਪੀਰ ਮੁਹੰਮਦ ਵੱਲੋਂ ਭਾਈ ਕੰਵਰ ਸਿੰਘ ਧਾਮੀ ਜੀ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਉਨ੍ਹਾਂ ਦੀ ਦ੍ਰਿੜਤਾ ਅਤੇ ਇਤਿਹਾਸਕ ਪੱਖ ਨੂੰ ਉਜਾਗਰ ਕਰਦਾ ਬਿਆਨ ਦਿੱਤਾ। ਭਾਈ ਕੰਵਰ ਸਿੰਘ ਧਾਮੀ ਦੇ ਅਕਾਲ ਚਲਾਣੇ ’ਤੇ ਸ. ਕਰਨੈਲ ਸਿੰਘ ਪੀਰ ਮੁਹੰਮਦ ਵੱਲੋਂ ਵਿਸ਼ੇਸ਼ ਸ਼ਰਧਾਂਜਲੀ (ਸਰਪ੍ਰਸਤ: ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ) ਮੁੱਖ ਬੁਲਾਰਾ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਭਾਈ ਧਾਮੀ ਇੱਕ ਅਣਖੀਲੇ ਜਰਨੈਲ ਸਨ, ਜਿਨ੍ਹਾਂ ਨੇ ਕੇ.ਪੀ.ਐਸ. ਗਿੱਲ ਵਰਗੇ ਜ਼ਾਲਮ ਅੱਗੇ ਗੋਡੇ ਨਹੀਂ ਟੇਕੇ



ਅਕਾਲ ਫੈਡਰੇਸ਼ਨ ਦੇ ਮੁਖੀ ਭਾਈ ਕੰਵਰ ਸਿੰਘ ਧਾਮੀ ਦੇ ਅਕਾਲ ਚਲਾਣੇ ’ਤੇ ਦੁੱਖ ਪ੍ਰਗਟ ਕਰਦਿਆਂ ਸ. ਕਰਨੈਲ ਸਿੰਘ ਪੀਰ ਮੁਹੰਮਦ ਨੇ ਉਨ੍ਹਾਂ ਦੇ ਜੀਵਨ ਦੇ ਇੱਕ ਬਹੁਤ ਹੀ ਮਹੱਤਵਪੂਰਨ ਅਤੇ ਇਤਿਹਾਸਕ ਪਹਿਲੂ ਨੂੰ ਸਾਂਝਾ ਕੀਤਾ। ਉਨ੍ਹਾਂ ਕਿਹਾ ਕਿ ਭਾਈ ਧਾਮੀ ਸਿੱਖ ਸੰਘਰਸ਼ ਦੇ ਉਹ ਅਣਖੀਲੇ ਪਾਤਰ ਸਨ, ਜਿਨ੍ਹਾਂ ਨੇ ਜਬਰ ਅੱਗੇ ਕਦੇ ਸਿਰ ਨਹੀਂ ਝੁਕਾਇਆ।

ਸ. ਪੀਰ ਮੁਹੰਮਦ ਨੇ ਵਿਸ਼ੇਸ਼ ਤੌਰ ’ਤੇ ਜ਼ਿਕਰ ਕਰਦਿਆਂ ਕਿਹਾ: ਭਾਈ ਕੰਵਰ ਸਿੰਘ ਧਾਮੀ ਦੀ ਅਣਖ ਅਤੇ ਦ੍ਰਿੜਤਾ ਦੀ ਮਿਸਾਲ ਇਸ ਗੱਲ ਤੋਂ ਮਿਲਦੀ ਹੈ ਕਿ ਜਦੋਂ ਪੰਜਾਬ ਵਿੱਚ ਪੁਲਿਸ ਦਾ ਭਾਰੀ ਕਹਿਰ ਸੀ, ਉਦੋਂ ਉਨ੍ਹਾਂ ਨੇ ਤਤਕਾਲੀ ਪੁਲਿਸ ਮੁਖੀ ਕੇ.ਪੀ.ਐਸ. ਗਿੱਲ ਅੱਗੇ ਆਤਮ-ਸਮਰਪਣ ਕਰਨ ਤੋਂ ਸਾਫ਼ ਇਨਕਾਰ ਕਰ ਦਿੱਤਾ ਸੀ। ਉਨ੍ਹਾਂ ਨੇ ਸਪੱਸ਼ਟ ਕੀਤਾ ਸੀ ਕਿ ਇੱਕ ਸਿੱਖ ਸਿਰਫ਼ ਅਕਾਲ ਪੁਰਖ ਅੱਗੇ ਝੁਕਦਾ ਹੈ, ਕਿਸੇ ਜ਼ਾਲਮ ਹਕੂਮਤ ਦੇ ਨੁਮਾਇੰਦੇ ਅੱਗੇ ਨਹੀਂ। ਉਨ੍ਹਾਂ ਦਾ ਇਹ ਸਟੈਂਡ ਕੌਮ ਦੇ ਨੌਜਵਾਨਾਂ ਲਈ ਹਮੇਸ਼ਾ ਪ੍ਰੇਰਨਾ ਸਰੋਤ ਰਹੇਗਾ।”

ਸ. ਪੀਰ ਮੁਹੰਮਦ ਨੇ ਕਿਹਾ ਕਿ ਭਾਈ ਧਾਮੀ ਨੇ ਜੇਲ੍ਹਾਂ ਦੀਆਂ ਕਾਲ-ਕੋਠੜੀਆਂ ਅਤੇ ਤਸੀਹੇ ਤਾਂ ਝੱਲੇ, ਪਰ ਕੌਮੀ ਸਿਧਾਂਤਾਂ ਨਾਲ ਕਦੇ ਸਮਝੌਤਾ ਨਹੀਂ ਕੀਤਾ। ਉਨ੍ਹਾਂ ਦਾ ਸਾਡੇ ਤੋਂ ਵਿਛੜਨਾ ਇੱਕ ਯੁੱਗ ਦਾ ਅੰਤ ਹੈ। ਉਨ੍ਹਾਂ ਦੀ ਸੱਚੀ ਸ਼ਰਧਾਂਜਲੀ ਇਹੀ ਹੋਵੇਗੀ ਕਿ ਅਸੀਂ ਉਨ੍ਹਾਂ ਵਾਂਗ ਹੀ ਕੌਮੀ ਅਣਖ ਅਤੇ ਸਿਧਾਂਤਾਂ ’ਤੇ ਪਹਿਰਾ ਦੇਈਏ ਉਨ੍ਹਾਂ ਸਮੂਹ ਪੰਥਕ ਦਰਦੀਆਂ ਨੂੰ ਅਪੀਲ ਕੀਤੀ ਕਿ ਉਹ ਅੱਜ ਦੁਪਹਿਰ 2:00 ਵਜੇ ਸੈਕਟਰ 25, ਚੰਡੀਗੜ੍ਹ ਵਿਖੇ ਪਹੁੰਚ ਕੇ ਇਸ ਮਹਾਨ ਜਰਨੈਲ ਨੂੰ ਅੰਤਿਮ ਵਿਦਾਇਗੀ ਦੇਣ। ਸ. ਕਰਨੈਲ ਸਿੰਘ ਪੀਰ ਮੁਹੰਮਦ ਨੇ ਅਖੀਰ ਵਿੱਚ ਕਿਹਾ ਕਿ ਭਾਈ ਕੰਵਰ ਸਿੰਘ ਧਾਮੀ ਦਾ ਨਾਮ ਸਿੱਖ ਇਤਿਹਾਸ ਦੇ ਸੁਨਹਿਰੀ ਪੰਨਿਆਂ ’ਤੇ ਦਰਜ ਰਹੇਗਾ।

# ਹਰਜਿੰਦਰ ਉਸਮਾਂ ਹਲਕਾ ਜੰਡਿਆਲਾ ਤੋਂ ਟਰੇਡ ਕਮਿਸ਼ਨ ਦੇ ਚੇਅਰਮੈਨ ਨਿਯੁਕਤ

ਚੌਕ ਮਹਿਤਾ,10 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)-ਪੰਜਾਬ ਸਰਕਾਰ ਨੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਹਰਜਿੰਦਰ ਸਿੰਘ ਉਸਮਾਂ ਨੂੰ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਤੋਂ ਟਰੇਡ ਕਮਿਸ਼ਨ ਦਾ ਚੇਅਰਮੈਨ ਨਿਯੁਕਤ ਕੀਤਾ ਹੈ। ਸਰਕਾਰ ਦੇ ਵੱਲੋਂ ਇਕ ਵਿਭਾਗੀ ਪੱਤਰ ਜਾਰੀ ਕਰ ਕੇ ਇਸ ਨਿਯੁਕਤੀ ਦਾ ਐਲਾਨ ਗਿਆ। ਜਿਕਰਯੋਗ ਹੈ ਕਿ /÷ਆਪ/” ਆਗੂ ਹਰਜਿੰਦਰ ਉਸਮਾਂ ਪਾਰਟੀ ਦੇ ਕਈ ਅਹਿਮ ਅਹੁਦਿਆਂ ਦੇ ਉੱਤੇ ਆਪਣੀਆਂ ਸੇਵਾਵਾਂ ਨਿਭਾਅ ਚੁੱਕੇ ਹਨ। ਉਨਾਂ ਦੀ ਕਾਬਲੀਅਤ ਅਤੇ ਵਫ਼ਾਦਾਰੀ ਨੂੰ ਮੁੱਖ ਰੱਖਦਿਆਂ ਪਾਰਟੀ ਨੇ ਇਹ ਨਵੀਂ ਜਿੰਮੇਵਾਰੀ ਸੌਂਪੀ ਹੈ। ਅੱਜ ਇਥੇ ਗੱਲਬਾਤ ਕਰਦਿਆਂ ਨਵ ਨਿਯੁਕਤ ਚੇਅਰਮੈਨ ਹਰਜਿੰਦਰ ਸਿੰਘ ਉਸਮਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਅਤੇ ਟਰੇਡ ਕਮਿਸ਼ਨ ਪੰਜਾਬ ਦੇ ਚੇਅਰਮੈਨ ਅਨਿਲ ਠਾਕੁਰ ਦਾ ਵਿਸ਼ੇਸ਼ ਧੰਨਵਾਦ ਕੀਤਾ। ਉਨਾਂ ਆਖਿਆ ਕਿ ਇਸ ਜਿੰਮੇਵਾਰੀ ਨੂੰ ਉਹ ਤਨਦੇਹੀ ਨਾਲ ਨਿਭਾਉਣਗੇ ਅਤੇ ਪਾਰਟੀ ਦੀਆਂ ਉਮੀਦਾਂ ਤੇ ਖਰਾ ਉਤਰਨ ਦੀ ਹਰ ਸੰਭਵ ਕੋਸ਼ਿਸ਼ ਕਰਨਗੇ।



# ਸਰਦੀਆਂ ਵਿੱਚ ਬੁਜ਼ੁਰਗਾਂ ਅਤੇ ਬੱਚਿਆਂ ਦੀ ਸਿਹਤ ਦਾ ਖਾਸ ਧਿਆਨ ਰੱਖਣ ਦੀ ਲੋੜ : ਐਸ ਆਈ ਅਸ਼ੋਕ ਕੁਮਾਰ



ਸੰਗਾਲਾ/ਧੂਰੀ ( ਰਣਜੀਤ ਸਿੰਘ ਪੇਧਨੀ) ਸਿਵਲ ਸਰਜਨ ਸੰਗਰੂਰ ਡਾ.ਅਮਰਜੀਤ ਕੌਰ ਜੀ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਅਤੇ ਐਸ ਐਮ ਓ ਡਾਕਟਰ ਜਸਦੀਪ ਸਿੰਘ ਜੀ ਦੀ ਯੋਗ ਅਗਵਾਈ ਵਿੱਚ ਅਸ਼ੋਕ ਐਸ ਆਈ ਨੇ ਪਿੰਡ ਕਿਲਾ ਹਕੀਮਾਂ ਵਿਖੇ ਵੱਧ ਰਹੀ ਸਰਦੀ ਤੋਂ ਬਚਾਓ ਲਈ ਲੋਕਾਂ ਜਾਗਰੂਕ ਕੀਤਾ ਗਿਆ ਕਿ ਸਰਦੀ ਨਾਲ ਬੁਜ਼ੁਰਗਾਂ, ਬੱਚਿਆਂ ਅਤੇ ਗਰਭਵਤੀ ਔਰਤਾਂ ਤੇ ਵੱਧ ਪ੍ਰਭਾਵ ਪੈਂਦਾ ਹੈ ਇਸ ਲਈ ਉਹਨਾਂ ਦੀ ਖਾਸ ਦੇਖਭਾਲ ਕਰਨੀ ਚਾਹੀਦੀ ਹੈ। ਠੰਡ ਅਤੇ ਧੁੰਦ ਵਿੱਚ ਬੁਜ਼ੁਰਗਾਂ ਅਤੇ ਦਿਲ ਦੇ ਰੋਗੀਆਂ ਨੂੰ ਸਵੇਰੇ ਜਾਂ ਦੇਰ ਸ਼ਾਮ ਘਰ ਤੋਂ ਬਾਹਰ ਨਿਕਲਣ ਜਾਂ ਸੈਰ ਕਰਨ ਤੋਂ ਬਚਣਾ ਚਾਹੀਦਾ ਹੈ। ਇਸ ਮੌਸਮ ਵਿੱਚ ਛੋਟੇ ਬੱਚਿਆਂ ਨੂੰ ਨਮੂਨੀਆ ਹੋਣ ਦਾ ਖ਼ਤਰਾ ਵੱਧ ਜਾਂਦਾ ਹੈ ਉਹਨਾਂ ਨੂੰ ਠੰਡ ਕਾਰਨ ਉਲਟੀ ਅਤੇ ਦਸਤ ਵੀ ਲੱਗ ਸਕਦੇ ਹਨ ਇਸ ਲਈ ਛੋਟੇ ਬੱਚਿਆਂ ਨੂੰ ਪੂਰੇ ਸਰੀਰ ਨੂੰ ਢੱਕਣ ਵਾਲੇ ਕੱਪੜੇ ਪਾਓ ਨਾਲ ਹੀ ਬੱਚਿਆਂ ਨੂੰ ਸਿਰ ਢੱਕਣ ਲਈ ਟੋਪੀ, ਹੱਥਾਂ ਅਤੇ ਪੈਰਾਂ ਵਿੱਚ ਦਸਤਾਨੇ ਅਤੇ ਜੁਰਾਬਾਂ ਪਾਓ। ਬੱਚਿਆਂ ਨੂੰ ਨੰਗੇ ਪੈਰ ਨਾ ਚੱਲਣ ਦਿਓ। ਸਰਦੀਆਂ ਦੇ ਮੌਸਮ ਦੌਰਾਨ ਘਰ ਦੇ ਕਿਸੇ ਵੀ ਬੰਦ ਕਮਰੇ ਵਿੱਚ ਅੱਗ ਨਾ ਬਾਲੋ ਕਿਉਂਕਿ ਬਲਦੀ ਅੱਗ ਕਾਰਨ ਕਾਰਬਨ ਮੋਨੋ ਆਕਸਾਈਡ ਗੈਸ ਪੈਦਾ ਹੁੰਦੀ ਹੈ ਅਤੇ ਆਕਸੀਜਨ ਦੀ ਕਮੀ ਦਾ ਕਾਰਨ ਬਣਦੀ ਹੈ ਜੋ ਸਾਡੇ ਲਈ ਜਾਨਲੇਵਾ ਹੋ ਸਕਦੀ ਹੈ। ਜੇ ਕਰ ਵਿਅਕਤੀ ਨੂੰ ਠੰਡ ਲੱਗਣਾ, ਬੁਖਾਰ ਹੋਣਾ ਅਤੇ ਕਾਂਬਾ ਛਿੜਨ ਦੇ ਲੱਛਣ ਹੋ ਹੋਣ ਅਤੇ ਸਰੀਰ ਦਾ ਤਾਪਮਾਨ ਘੱਟ ਹੋ ਜਾਵੇ , ਲੰਬੇ ਸਮੇਂ ਤੱਕ ਸਰਦੀ -ਜ਼ੁਕਾਮ, ਅਤੇ ਸਰਦੀ ਕਾਰਨ ਉਂਗਲੀਆਂ, ਪੈਰਾਂ ਦੀਆਂ ਉਂਗਲੀਆਂ, ਨੱਕ ਜਾਂ ਕੰਨ ਦੇ ਬਾਹਰੀ ਹਿੱਸੇ ਤੇ ਛਾਲੇ ਹੋਣ ਵਰਗੇ ਲੱਛਣ ਦਿਖਾਈ ਦੇਣ ਤਾਂ ਤੁਰੰਤ ਡਾਕਟਰੀ ਸਲਾਹ ਲੈਣੀ ਚਾਹੀਦੀ ਹੈ। ਠੰਡ ਤੋਂ ਬਚਾਓ ਲਈ ਸੂਪ, ਚਾਹ, ਕੌਫੀ ਵਰਗੀਆਂ ਗ਼ਰਮ ਚੀਜ਼ਾਂ ਅਤੇ ਸੰਤੁਲਿਤ ਭੋਜਨ ਲੈਣਾ ਚਾਹੀਦਾ ਹੈ। ਸਰਦੀਆਂ ਵਿੱਚ ਸਰੀਰ ਦਾ ਤਾਪਮਾਨ ਨੌਰਮਲ ਬਣਾਈ ਰੱਖਣ ਲਈ ਇੱਕ ਤੋਂ ਜਿਆਦਾ ਪਰਤਾਂ ਦੇ ਕੱਪੜੇ ਪਹਿਨੇ ਜਾਣੇ ਚਾਹੀਦੇ ਹਨ। ਸਰੀਰ ਦਾ ਤਾਪਮਾਨ ਸੰਤੁਲਿਤ ਰੱਖਣ ਲਈ ਪੋਸ਼ਿਟਕ ਭੋਜਨ ਖਾਣਾ ਜਰੂਰੀ ਹੈ। ਵਿਟਾਮਿਨ ਸੀ ਨਾਲ ਭਰਪੂਰ ਫਲ ਅਤੇ ਸਬਜ਼ੀਆਂ ਖਾਣੀਆਂ ਚਾਹੀਦੀਆਂ ਹਨ। ਸਰੀਰ ਵਿੱਚ ਪਾਣੀ ਦੀ ਕਮੀ ਨੂੰ ਪੂਰਾ ਕਰਨ ਲਈ ਨਿਅਮਿਤ ਅੰਤਰਾਲ ਤੇ ਜਾਂ ਲੋੜ ਅਨੁਸਾਰ ਗੁਨਗੁਨਾਂ ਪਾਣੀ ਪੀਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਸੰਘਣੀ ਧੁੰਦ ਦੇ ਕਾਰਨ ਹੋਣ ਵਾਲੀਆਂ ਦੁਰਘਟਨਾਵਾਂ ਤੋਂ ਬਚਣ ਲਈ ਟ੍ਰੈਫਿਕ ਨਿਯਮਾਂ ਦਾ ਪਾਲਨ ਕਰਨਾ ਚਾਹੀਦਾ ਹੈ ਅਤੇ ਗ਼ੈਰ ਜਰੂਰੀ ਯਾਤਰਾ ਤੋਂ ਬਚਣਾ ਚਾਹੀਦਾ ਹੈ। ਟੀਮ ਮੈਂਬਰ ਅਸੋਕ ਕੁਮਾਰ ਐਸ ਆਈ, ਗੁਰਵਿੰਦਰ ਸਿੰਘ ਮ, ਪ, ਹ, ਵ(ਮ) ਆਦਿ ਹਾਜ਼ਰ ਸਨ।

### ਸਵ. ਨਿਰਮਲ ਸਿੰਘ ਖੇਮਕਰਨ ਵਾਲਿਆਂ ਦੀ ਸ਼ਰਧਾਂਜਲੀ ਸਮਾਗਮ ਵਿੱਚ

# ਇੰਟਰਨੈਸ਼ਨਲ ਪੰਥਕ ਦਲ ਵੱਲੋਂ ਹਾਜ਼ਰੀ ਲਗਵਾਈ ਗਈ

**ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਚੀਫ ਐਡਵਾਈਜ਼ਰ ਪੰਜਾਬ, ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜ਼ਿਲ੍ਹਾ ਪ੍ਰਧਾਨ ਤਰਨ ਤਾਰਨ ਸਪੁੱਤਰ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਪ੍ਰਧਾਨ ਆਸਟਰੀਆ ਯੂਰਪ ਹੁਰਾਂ ਨੇ ਹਾਜ਼ਰੀ ਭਰੀ ਅਤੇ ਸ਼ਰਧਾ ਦੇ ਫੁੱਲ ਭੇਟ ਕੀਤੇ।**













ਸਵ. ਨਿਰਮਲ ਸਿੰਘ









ਤਰਨਤਾਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਬਾਬਾ ਸੁਖਰਾਜ ਸਿੰਘ ਜੀ ਖੇਮਕਰਨ ਵਾਲਿਆਂ ਦੇ ਸਤਿਕਾਰਯੋਗ ਭਰਾਤਾ ਭਾਈ ਨਿਰਮਲ ਸਿੰਘ ਜੀ ਜੋ ਕੁਝ ਦਿਨ ਪਹਿਲਾਂ ਪਰਿਵਾਰ ਨੂੰ ਸਦੀਵੀ ਵਿਛੋੜਾ ਦੇ ਗਏ ਸਨ ਉਹਨਾਂ ਦੇ ਨਮਿੱਤ ਗੁਰਦੁਆਰਾ ਗੁਰੂਸਰ ਪਾਤਸ਼ਾਹੀ ਨੌਵੀ ਖੇਮਕਰਨ ਵਿਖੇ ਸ਼ਰਧਾਂਜਲੀ ਸਮਾਗਮ ਹੋਇਆ।ਰਾਗੀ ਸਿੰਘਾਂ ਵੱਲੋਂ ਮਨੋਹਰ ਬਾਣੀ ਦਾ ਕੀਰਤਨ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਇਸ ਤੋਂ ਉਪਰੰਤ ਆਏ ਵੱਖ-ਵੱਖ ਬੁਲਾਰਿਆਂ ਨੇ ਹਾਜਰੀ ਭਰੀ ਜਿਸ ਵਿੱਚ ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਚੀਫ ਐਡਵਾਈਜ਼ਰ ਪੰਜਾਬ, ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜ਼ਿਲ੍ਹਾ ਪ੍ਰਧਾਨ ਤਰਨ ਤਾਰਨ ਸਪੁੱਤਰ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਪ੍ਰਧਾਨ ਆਸਟਰੀਆ ਯੂਰਪ ਹੁਰਾਂ ਨੇ ਹਾਜ਼ਰੀ ਭਰੀ ਅਤੇ ਸ਼ਰਧਾ ਦੇ ਫੁੱਲ ਭੇਟ ਕੀਤੇ। ਵੱਖ-ਵੱਖ ਬੁਲਾਰਿਆਂ ਨੇ ਸਰਧਾ ਦੇ ਫੁੱਲ ਭੇਟ ਕਰਦਿਆਂ ਬੋਲਦਿਆਂ ਦੱਸਿਆ ਕਿ ਸਰਦਾਰ ਨਿਰਮਲ ਸਿੰਘ ਜੀ ਬਹੁਤ ਹੀ ਵਧੀਆ ਅਤੇ ਨਿੱਘੇ ਸੁਭਾਅ ਦੇ ਇਨਸਾਨ ਸਨ। ਭਾਈ ਸੁਖਰਾਜ ਸਿੰਘ ਜੀ ਵੱਲੋਂ ਪਹੁੰਚੇ ਸਮੂਹ ਪਤਵੰਤੇ ਅਤੇ ਸੰਗਤਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਤੇ ਜੀ ਆਇਆਂ ਕਿਹਾ ।ਆਈਆਂ ਸੰਗਤਾਂ ਵਾਸਤੇ ਗੁਰੂ ਕਾ ਲੰਗਰ ਅਤੁੱਟ ਵਰਤਿਆ ।ਇਸ ਮੌਕੇ ਭਾਈ ਦਲਬੀਰ ਸਿੰਘ ਜੀ ਅਲਗੋ ਭਾਜਪਾ ਆਗੂ, ਜਥੇਦਾਰ ਸਤਨਾਮ ਸਿੰਘ ਜੀ ਮਨਾਵਾਂ,ਸ੍ਰ ਪਲਵਿੰਦਰ ਸਿੰਘ, ਸ੍ਰ ਕਸ਼ਮੀਰ ਸਿੰਘ ਵਾੜਾ ਤੇਲੀਆਂ, ਭਾਈ ਪ੍ਰਿਥੀਪਾਲ ਸਿੰਘ ਸੁਪਰਵਾਈਜ਼ਰ ਬੀੜ ਬਾਬਾ ਬੁੱਢਾ ਸਾਹਿਬ ਜੀ, ਸ੍ਰ ਸੁਰਜੀਤ ਸਿੰਘ ਡਰੈਕਟਰ ਜੇਲ ਵਿਭਾਗ ਪੰਜਾਬ, ਸ੍ਰ ਮੇਜਰ ਸਿੰਘ ਸਾਬਕਾ ਸਰਪੰਚ, ਬਾਬਾ ਮਨਜੀਤ ਸਿੰਘ ਜੀ ਗ੍ਰੰਥੀ ਅਤੇ ਪੰਚ ਸਰਪੰਚ ,ਸ੍ਰ ਜਰਮਲ ਸਿੰਘ ਸੈਕਟਰੀ, ਸ੍ਰ ਨਿਰਮਲ ਸਿੰਘ ਦਾ ਭੁਝੰਗੀ ਸ਼ਮਸ਼ੇਰ ਸਿੰਘ ਅਤੇ ਹੋਰ ਬੇਅੰਤ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ

# ਪਿੰਡ ਰਘੂਆਣਾ ਵਿਖੇ ਕਰਵਾਇਆ ਧਾਰਮਿਕ ਸਮਾਗਮ







ਕਾਲਾਂਵਾਲੀ, 10 ਜਨਵਰੀ (ਗੁਰਜੰਟ ਸਿੰਘ ਨਥੇਹਾ)- ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਪਿੰਡ ਰਘੂਆਣਾ ਵਿਖੇ ਧਾਰਮਿਕ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਸੰਤ ਬਲਵੀਰ ਸਿੰਘ ਸੀਚੇਵਾਲ, ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਬਾਬਾ ਟੇਕ ਸਿੰਘ ਧਨੌਲਾ, ਗਿਆਨੀ ਜਗਤਾਰ ਸਿੰਘ ਮੁੱਖ ਗ੍ਰੰਥੀ ਤਖਤ ਸ੍ਰੀ ਦਮਦਮਾ ਸਾਹਿਬ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਬਾਬਾ ਗੁਰਮੀਤ ਸਿੰਘ ਤਲੋਕੇਵਾਲਾ, ਬਾਬਾ ਗੁਰਪਾਲ ਸਿੰਘ ਚੋਰਮਾਰ, ਹਰਿਆਣਾ ਕਮੇਟੀ ਮੈਂਬਰ ਅੰਮ੍ਰਿਤਪਾਲ ਸਿੰਘ, ਬਾਬਾ ਪ੍ਰੀਤਮ ਸਿੰਘ ਮੱਲੜੀ, ਬਾਬਾ ਸੁਖਪਾਲ ਸਿੰਘ ਲੱਕੜਵਾਲੀ, ਬਾਬਾ ਨਿਰਮਲ ਸਿੰਘ ਫਗੂ, ਬਾਬਾ ਜਸਵਿੰਦਰ ਸਿੰਘ, ਰਾਗੀ ਸੁਖਵਿੰਦਰ ਸਿੰਘ ਸਿੰਘਪੁਰਾ ਅਤੇ ਇਲਾਕੇ ਭਰ ਦੀਆਂ ਸਿੱਖ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਪਹੁੰਚ ਕੇ ਸ਼ਮੂਲੀਅਤ ਕੀਤੀ। ਇਸ ਮੌਕੇ ਪੁੱਜੀਆਂ ਸਖਸ਼ੀਅਤਾਂ ਅਤੇ ਸਿੱਖ ਸੰਗਤਾਂ ਦਾ ਬਾਬਾ ਜੀਤ ਸਿੰਘ ਰੁਘੂਆਣਾ ਵੱਲੋਂ ਧੰਨਵਾਦ ਕੀਤਾ ਗਿਆ। ਇਸ ਮੌਕੇ ਸਿੱਖ ਸੰਗਤ ਨੂੰ ਸੰਬੋਧਨ ਕਰਦਿਆਂ ਸੰਤ ਬਲਵੀਰ ਸਿੰਘ ਸੀਚੇਵਾਲ ਨੇ ਕਿਹਾ ਕਿ ਗੁਰਬਾਣੀ ਦੇ ਉਪਦੇਸ਼ ਨੂੰ ਮੰਨ ਕੇ ਧਰਤੀ, ਪਾਣੀ ਅਤੇ ਹਵਾ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਈਏ ਤਾਂ ਹੀ ਸਾਡਾ ਸਮਾਜ ਸੋਹਣਾ ਬਣ ਸਕਦਾ ਹੈ ਅਤੇ ਬਿਮਾਰੀਆਂ ਤੋਂ ਬਚਿਆ ਜਾ ਸਕਦਾ ਹੈ। ਉਹਨਾਂ ਕਿਹਾ ਕਿ ਗੁਰੂ ਗੋਬਿੰਦ ਸਿੰਘ ਜੀ ਨੇ ਸਾਨੂੰ ਸ਼ਬਦ ਗੁਰੂ ਦੇ ਨਾਲ ਜੋੜਿਆ ਹੈ ਇਸ ਸਾਨੂ ਗੁਰਬਾਣੀ ਦੇ ਇਲਾਹੀ ਸੰਦੇਸ਼ ਨੂੰ ਆਪਣੇ ਜੀਵਨ ਵਿੱਚ ਧਾਰਨ ਕਰਨਾ ਚਾਹੀਦਾ ਹੈ। ਇਸ ਮੌਕੇ ਸੰਬੋਧਨ ਕਰਦਿਆਂ ਜਥੇਦਾਰ ਬਾਬਾ ਟੇਕ ਸਿੰਘ ਧਨੌਲਾ ਨੇ ਕਿਹਾ ਕਿ ਗੁਰੂ ਜੀ ਨੇ ਸਾਡੇ ਲਈ ਸਰਬੰਸ ਕੁਰਬਾਨ ਕੀਤਾ ਹੈ ਅਤੇ ਸਾਨੂੰ ਸਰਦਾਰੀਆਂ ਦਿੱਤੀਆਂ ਹਨ ਇਸ ਲਈ ਸਾਡਾ ਫਰਜ਼ ਬਣਦਾ ਹੈ ਕਿ ਅਸੀਂ ਖੰਡੇ ਵਾਟੇ ਦਾ ਅੰਮ੍ਰਿਤ ਛਕ ਕੇ ਗੁਰੂ ਦੇ ਸਿੱਖ ਬਣੀਏ। ਇਸ ਮੌਕੇ ਬਾਬਾ ਰਾਜਵਿੰਦਰ ਸਿੰਘ ਜੋਨੀ ਵੱਲੋਂ ਧਾਰਮਿਕ ਦੀਵਾਨ ਸਜਾਏ ਗਏ ਅਤੇ ਕੀਰਤਨ ਰਾਹੀਂ ਸੰਗਤ ਨਾਲ ਇਤਿਹਾਸ ਸਾਂਝਾ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ 'ਚ ਇਲਾਕੇ ਦੀ ਸੰਗਤ ਨੇ ਸ਼ਮੂਲੀਅਤ ਕੀਤੀ।

**ਗੁਰੂ ਸਾਹਿਬ ਦੀਆਂ ਕੁਰਬਾਨੀਆਂ ਤੇ ਸਰਦਾਰੀ ਨੂੰ ਕਾਇਮ ਰੱਖਣਾ ਸਾਡਾ ਮੁਢਲਾ ਫਰਜ਼- ਜਥੇਦਾਰ ਟੇਕ ਸਿੰਘ ਧਨੌਲਾ**

### 75 ਸਾਲਾਂ ਵਿਚ ਸੂਬੇ ਦੀਆਂ ਰਵਾਇਤੀ ਪਾਰਟੀਆਂ ਨੇ ਪੰਜਾਬ ਨੂੰ ਲੁੱਟਿਆ ਤੇ ਕੁੱਟਿਆ:ਤਲਬੀਰ ਗਿੱਲ

# ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਵਿਖੇ ਪਿੰਡਾਂ ਦੇ ਸਰਪੰਚਾਂ-ਪੰਚਾਂ ਨਾਲ ਕੀਤੀ ਅਹਿਮ ਇਕੱਤਰਤਾ



ਚੌਕ ਮਹਿਤਾ,10 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)-ਮਜੀਠਾ ਵਿਚ ਆਮ ਆਦਮੀ ਪਾਰਟੀ ਦੀ ਰੈਲੀ ਨੂੰ ਸਫਲ ਬਣਾਉਣ ਲਈ ਅੱਜ ਹਲਕਾ ਮਜੀਠਾ ਦੇ ਪਿੰਡ ਮਰੜੀ ਕਲਾਂ ਸਥਿਤ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਵਿਖੇ 'ਆਪ' ਪਾਰਟੀ ਦੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਅਗਵਾਈ ਹੇਠ ਵੱਡੀ ਗਿਣਤੀ 'ਚ ਪਿੰਡਾਂ ਦੇ ਸਰਪੰਚਾਂ,ਪੰਚਾਂ ਤੇ ਅਹੁਦੇਦਾਰਾਂ ਨਾਲ ਇਕ ਅਹਿਮ ਇਕੱਤਰਤਾ ਕਰਕੇ ਰੈਲੀ ਨੂੰ ਕਾਮਯਾਬ ਬਣਾਉਣ ਲਈ ਵੱਖ-ਵੱਖ ਪਿੰਡਾਂ ਦੇ ਨੁਮਾਇੰਦਿਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਅਤੇ ਵੱਡੀ ਗਿਣਤੀ ਵਿਚ ਕਾਫਲੇ ਦੇ ਰੂਪ ਵਿਚ 18 ਜਨਵਰੀ ਨੂੰ ਇਕੱਠ ਕਰਨ ਦੀ ਅਪੀਲ ਕਰਦਿਆਂ ਗਿੱਲ ਨੇ ਕਿਹਾ ਕਿ ਪੰਜਾਬ ਵਿਚ ਵਿਰੋਧੀ ਪਾਰਟੀ ਦੀਆਂ ਸਰਕਾਰ ਦੌਰਾਨ ਸੂਬੇ ਵਿਚ ਕੋਈ ਢੁੱਕਵਾਂ ਵਿਕਾਸ ਨਹੀਂ ਹੋਇਆ,ਜਦੋਂਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਸੂਬੇ ਦਾ ਕੋਈ ਵੀ ਵਿਕਾਸ ਦਾ ਕੰਮ ਅਧੂਰਾ ਨਹੀਂ ਰਹਿਣ ਦਿੱਤਾ ਅਤੇ ਰਹਿੰਦੇ ਬਾਕੀ ਦੇ ਕੰਮ ਜਲਦੀ ਨੇਪਰੇ ਚਾੜ ਦਿੱਤੇ ਜਾਣਗੇ। ਗਿੱਲ ਨੇ ਕਿਹਾ ਕਿ ਪਿਛਲੇ 75 ਸਾਲਾਂ ਵਿਚ ਸੂਬੇ ਦੀਆਂ ਰਵਾਇਤੀ ਪਾਰਟੀਆਂ ਨੇ ਸਿਰਫ ਲੁਟਿਆ ਅਤੇ ਕੁੱਟਿਆ ਹੈ ਜਿਸ ਨੂੰ ਸੰਵਾਰਨ ਵਾਸਤੇ ਥੋੜਾ ਸਮਾਂ ਤਾਂ ਲੱਗੇਗਾ ਪਰ ਸਰਕਾਰ ਪੂਰੀ ਇਮਾਨਦਾਰੀ ਨਾਲ ਆਪਣਾ ਕੰਮ ਕਰ ਰਹੀ ਹੈ ਜਿਸ ਵਿਚ ਸਰਕਾਰ ਕਾਫੀ ਹੱਦ ਤੱਕ ਲਈ ਸਰਕਾਰ ਸੱਚੇ ਦਿਲੋਂ ਕੰਮ ਕਰ ਰਹੀ ਹੈ ਜਿਸ ਦੇ ਤਹਿਤ ਸਰਕਾਰ ਵਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਦੂਸਰੇ ਪੜਾਅ ਦੀ ਸ਼ੁਰੂਆਤ ਕਰਕੇ ਆਪਣੀ ਮਨਸ਼ਾ ਨੂੰ ਦਰਸਾਇਆ ਹੈ ਕਿ ਸਰਕਾਰ ਪੰਜਾਬ ਵਿਚੋਂ ਨਸ਼ਿਆਂ ਨੂੰ ਖਤਮ ਕਰਨ ਲਈ ਕਿੰਨੀ ਸੁਹਿਰਦ ਹੈ। ਪੰਜਾਬ ਦੇ ਹਰੇਕ ਨਾਗਰਿਕ ਨੂੰ 10 ਲੱਖ ਜਨਵਰੀ ਤੋਂ ਸ਼ੁਰੂਆਤ ਕੀਤੀ ਜਾ ਰਹੀ ਹੈ ਜਿਹੜੀ ਕਿ ਇਕ ਵੱਡਾ ਮੀਲ ਪੱਥਰ ਸਾਬਤ ਹੋਵੇਗੀ। ਪਰਮਜੀਤ ਸਿੰਘ ਬਾਠ ਪੀ ਬੀ ਐੱਸ ਮੌਲ ਚੌਕ ਮਹਿਤਾ ਵਾਲੇ ਮੱਤੇਵਾਲ, ਹੁਸਨਪ੍ਰੀਤ ਸਿੰਘ ਸਿਆਲਕਾ,ਮਨਦੀਪ ਸਿੰਘ ਤੰਨੇਲ, ਸਰਵਨ ਸਿੰਘ ਚੋਗਾਵਾਂ, ਰਣਧੀਰ ਸਿੰਘ ਅਰਜਨ ਮਾਂਗਾ, ਬਲਵੰਤ ਸਿੰਘ ਘਨਸਾਮਪੁਰ, ਗੁਰਦੇਵ ਸਿੰਘ ਗਦਰਯਾਦਾ, ਸਿਕੰਦਰ ਸਿੰਘ ਖਿਦੋਵਾਲੀ, ਸਰਬਜੀਤ ਸਿੰਘ ਸਾਧਪੁਰ, ਬਲਰਾਜ ਸਿੰਘ ਸਰਾਂ, ਸੁਰਜੀਤ ਸਿੰਘ ਸਰਪੰਚ ਭੋਏਵਾਲ, ਗੁਰਮੇਲ ਸਿੰਘ ਅਠਵਾਲ, ਤਰਲੋਕ ਸਿੰਘ ਅਠਵਾਲ, ਲਖਵਿੰਦਰ ਸਿੰਘ ਨਾਥ ਦੀ ਖੂਹੀ, ਸਰਪੰਚ ਹਰਪਾਲ ਸਿੰਘ ਮੱਤੇਵਾਲ, ਗੁਰਬੀਰ ਸਿੰਘ ਮੱਤੇਵਾਲ, ਤਰਸੇਮ ਸਿੰਘ ਗਿੱਲ, ਹਰਜੀਤ ਸਿੰਘ ਉਦੋਕੇ, ਜੋਗਾ ਸਿੰਘ ਉਦੋਕੇ ਖੁਰਦ, ਬਲਵਿੰਦਰ ਸਿੰਘ ਕਲੇਰ ਬਾਲਾ, ਮਨਜੀਤ ਸਿੰਘ ਟਾਹਲੀ ਸਾਹਿਬ, ਗੁਰਸੇਵਕ ਸਿੰਘ ਮੱਤੇਵਾਲ,ਨਿਸ਼ਾਨ ਸਿੰਘ ਅਰਜਨ ਮਾਂਗਾ, ਮੇਜਰ ਸਿੰਘ ਸਿਆਲਕਾ, ਜਸਪਾਲ ਸਿੰਘ ਬੱਠੂਚੱਕ, ਗੁਰਪ੍ਰਤਾਪ ਸਿੰਘ ਉਦੋਕੇ ਖੁਰਦ, ਜਸਵੀਰ ਸਿੰਘ ਬੱਲੋਵਾਲ, ਅਮਰਜੀਤ ਸਿੰਘ ਤਾਹਰਪੁਰ, ਮੇਜਰ ਸਿੰਘ ਬੁਲਾਰਾ ਸਮੇਤ ਵੱਡੀ ਗਿਣਤੀ ਦੇ ਵਿੱਚ ਆਪ ਦੇ ਆਗੂ ਤੇ ਵਰਕਰ ਸ਼ਾਮਿਲ ਸਨ।

# ਅਸਾਮ ਵੋਟਰ ਸੂਚੀ ਵਿੱਚ ਹੇਰਾਫੇਰੀ ਨੂੰ ਲੈ ਕੇ ਵਿਰੋਧੀ ਪਾਰਟੀਆਂ ਨੇ ਭਾਜਪਾ ਵਿਰੁੱਧ ਕਰਵਾਈ ਸ਼ਿਕਾਇਤ ਦਰਜ



ਨਵੀਂ ਦਿੱਲੀ 10 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਅਸਾਮ ਵਿੱਚ ਪੰਜ ਵਿਰੋਧੀ ਪਾਰਟੀਆਂ ਨੇ ਬੀਤੇ ਦਿਨ ਸਾਂਝੇ ਤੌਰ 'ਤੇ ਪੁਲਿਸ ਸ਼ਿਕਾਇਤ ਦਰਜ ਕਰਵਾਈ, ਜਿਸ ਵਿੱਚ ਸੱਤਾਧਾਰੀ ਭਾਰਤੀ ਜਨਤਾ ਪਾਰਟੀ (ਭਾਜਪਾ) 'ਤੇ ਰਾਜ ਦੀਆਂ ਵੋਟਰ ਸੂਚੀਆਂ ਵਿੱਚੋਂ ਵੱਡੀ ਗਿਣਤੀ ਵਿੱਚ ਅਸਲੀ ਵੋਟਰਾਂ ਦੇ ਨਾਮ ਹਟਾਉਣ ਦੀ ਸਾਜ਼ਿਸ਼ ਰਚਣ ਦਾ ਦੋਸ਼ ਲਗਾਇਆ ਗਿਆ।

ਇਨ੍ਹਾਂ ਪਾਰਟੀਆਂ ਵਿੱਚ ਕਾਂਗਰਸ, ਰਾਇਜੋਰ ਦਲ, ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ), ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ-ਲੈਨਿਨਵਾਦੀ) ਅਤੇ ਅਸਾਮ ਜਾਤੀ ਪ੍ਰੀਸ਼ਦ ਸ਼ਾਮਲ ਹਨ। ਰਾਏਜੋਰ ਦਲ ਨੇ ਇਸ ਮਾਮਲੇ ਵਿੱਚ ਚੋਣ ਕਮਿਸ਼ਨ ਕੋਲ ਇੱਕ ਵੱਖਰੀ ਸ਼ਿਕਾਇਤ ਵੀ ਦਰਜ ਕਰਵਾਈ ਅਤੇ ਭਾਜਪਾ 'ਤੇ ਵੋਟਰ ਸੂਚੀਆਂ ਵਿੱਚ ਯੋਜਨਾਬੱਧ ਅਤੇ ਗੈਰ-ਸੰਵਿਧਾਨਕ ਹੇਰਾਫੇਰੀ ਦਾ ਦੋਸ਼ ਲਗਾਇਆ। ਗੁਹਾਟੀ ਦੇ ਦਿਸਪੁਰ ਪੁਲਿਸ ਸਟੇਸ਼ਨ ਵਿੱਚ ਦਰਜ ਕਰਵਾਈ ਗਈ ਸ਼ਿਕਾਇਤ ਵਿੱਚ, ਵਿਰੋਧੀ ਪਾਰਟੀਆਂ ਨੇ ਦਾਅਵਾ ਕੀਤਾ ਕਿ ਅਸਾਮ ਭਾਜਪਾ ਪ੍ਰਧਾਨ ਅਤੇ ਸੰਸਦ ਮੈਂਬਰ ਦਿਲੀਪ ਸੈਕੀਆ ਕਥਿਤ ਸਾਜ਼ਿਸ਼ ਦੀ ਅਗਵਾਈ ਕਰ ਰਹੇ ਸਨ। ਉਨ੍ਹਾਂ ਦੋਸ਼ ਲਗਾਇਆ ਕਿ ਪਾਰਟੀ ਵਿਧਾਇਕਾਂ ਨੂੰ ਇਹ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ ਸਨ ਕਿ ਰਾਜ ਦੀਆਂ 126 ਵਿਧਾਨ ਸਭਾ ਸੀਟਾਂ ਵਿੱਚੋਂ ਘੱਟੋ-ਘੱਟ 60 ਵਿੱਚ ਭਾਜਪਾ ਵਿਰੋਧੀ ਵੋਟਰਾਂ ਦੇ ਨਾਮ ਵੋਟਰ ਸੂਚੀਆਂ ਤੋਂ ਹਟਾ ਦਿੱਤੇ ਜਾਣ। ਇਹ ਧਿਆਨ ਦੇਣ ਯੋਗ ਹੈ ਕਿ ਅਸਾਮ ਵਿੱਚ ਵੋਟਰ ਸੂਚੀ ਦੀ ਇੱਕ ਵਿਸ਼ੇਸ਼ ਸੋਧ ਚੱਲ ਰਹੀ ਹੈ, ਜਿੱਥੇ ਮਈ ਵਿੱਚ ਵਿਧਾਨ ਸਭਾ ਚੋਣਾਂ ਹੋਣੀਆਂ ਹਨ। ਅੱਪਡੇਟ ਕੀਤਾ ਡਰਾਫਟ ਵੋਟਰ ਸੂਚੀ 27 ਦਸੰਬਰ, 2025 ਨੂੰ ਪ੍ਰਕਾਸ਼ਿਤ ਕੀਤੀ ਗਈ ਸੀ, ਜਦੋਂ ਕਿ ਅੰਤਿਮ ਸੂਚੀ 10 ਫਰਵਰੀ ਨੂੰ ਜਾਰੀ ਹੋਣ ਦੀ ਉਮੀਦ ਹੈ। ਵਿਰੋਧੀ ਪਾਰਟੀਆਂ ਨੇ ਦੋਸ਼ ਲਗਾਇਆ ਕਿ ਦਿਲੀਪ ਸੈਕੀਆ ਨੇ 4 ਜਨਵਰੀ ਨੂੰ ਹੋਈ ਇੱਕ ਔਨਲਾਈਨ ਮੀਟਿੰਗ ਵਿੱਚ ਸਿਹਤ ਮੰਤਰੀ ਅਸ਼ੋਕ ਸਿੰਘਲ ਨੂੰ ਇਹ 'ਨਾਮ ਹਟਾਉਣ ਦਾ ਮਿਸ਼ਨ' ਸੌਂਪਿਆ ਸੀ। ਸ਼ਿਕਾਇਤ ਵਿੱਚ ਕਿਹਾ ਗਿਆ ਹੈ, ਇਹ ਵੋਟਰ ਸੂਚੀ ਵਿੱਚੋਂ ਵਿਰੋਧੀ ਪਾਰਟੀਆਂ ਦੇ ਸਮਰਥਕਾਂ ਦੇ ਨਾਮ ਹਟਾਉਣ ਦੀ ਇੱਕ ਦੁਰਾਚਾਰੀ ਸਾਜ਼ਿਸ਼ ਹੈ। ਸੂਬਾ ਭਾਜਪਾ ਪ੍ਰਧਾਨ ਦਿਲੀਪ ਸੈਕੀਆ ਨਾਲ ਸਬੰਧਤ ਵੀਡੀਓ ਕਾਨਫਰੰਸਿੰਗ ਫੁਟੇਜ ਨੂੰ ਤੁਰੰਤ ਸੁਰੱਖਿਅਤ ਅਤੇ ਸੁਰੱਖਿਅਤ ਰੱਖਿਆ ਜਾਣਾ ਚਾਹੀਦਾ ਹੈ ਕਿਉਂਕਿ ਇਸ ਵਿੱਚ ਮਹੱਤਵਪੂਰਨ ਸਬੂਤ ਹਨ। ਵਿਰੋਧੀ ਪਾਰਟੀਆਂ ਨੇ ਪੁਲਿਸ ਤੋਂ ਮੰਗ ਕੀਤੀ ਕਿ ਉਹ 'ਦੋਸ਼ੀਆਂ ਅਤੇ ਸਾਜ਼ਿਸ਼ਕਾਰਾਂ' ਵਿਰੁੱਧ ਕਾਨੂੰਨ ਤਹਿਤ ਕਾਰਵਾਈ ਕਰੇ ਤਾਂ ਜੋ ਸੂਬੇ ਵਿੱਚ ਇੱਕ ਆਜ਼ਾਦ, ਨਿਰਪੱਖ ਅਤੇ ਪਾਰਦਰਸ਼ੀ ਵਿਸ਼ੇਸ਼ ਸਮੀਖਿਆ ਯਕੀਨੀ ਬਣਾਈ ਜਾ ਸਕੇ।

# ਕਾਂਗਰਸ ਦੀ ਮਨਰੇਗਾ ਰੁਜ਼ਗਾਰ ਬਚਾਉ ਰੈਲੀ ਚ ਖਿੱਤੇ ਤੋਂ ਵੱਡੀ ਗਿਣਤੀ ਵਰਕਰ ਕਰਨਗੇ ਸ਼ਮੂਲੀਅਤ- ਸਿੱਧੂ



ਤਲਵੰਡੀ ਸਾਬੋ, 10 ਜਨਵਰੀ (ਗੁਰਜੰਟ ਸਿੰਘ ਨਥੇਹਾ)- ਕੇਂਦਰ ਸਰਕਾਰ ਵੱਲੋਂ ਮਨਰੇਗਾ ਸਕੀਮ 'ਚ ਤਬਦੀਲੀ ਕਰਨ ਦੇ ਫੈਸਲੇ ਨੂੰ ਮਨਰੇਗਾ ਨੂੰ ਖਤਮ ਕਰਨ ਦੀ ਕੋਸ਼ਿਸ ਦੱਸਕੇ ਕਾਂਗਰਸ ਪਾਰਟੀ ਵੱਲੋਂ ਵਿੱਢੇ ਸੰਘਰਸ਼ ਦੀ ਲੜੀ ਤਹਿਤ ਪੰਜਾਬ ਕਾਂਗਰਸ ਵੱਲੋਂ 11 ਜਨਵਰੀ ਨੂੰ ਭੁੱਚੋ ਮੰਡੀ ਵਿਖੇ ਕੀਤੀ ਜਾ ਰਹੀ ਮਨਰੇਗਾ ਰੁਜ਼ਗਾਰ ਬਚਾਉ ਰੈਲੀ ਨੂੰ ਸਫਲ ਬਣਾਉਣ ਲਈ ਸਮੁੱਚੀ ਕਾਂਗਰਸ ਲੀਡਰਸ਼ਿਪ ਸਰਗਰਮ ਨਜ਼ਰ ਆ ਰਹੀ ਹੈ ਤੇ ਇਸੇ ਲੜੀ ਚ ਕਾਂਗਰਸ ਵੱਲੋਂ ਲੋਕ ਸਭਾ ਚੋਣ ਲੜ ਚੁੱਕੇ ਸੀਨੀਅਰ ਆਗੂ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਨੇ ਦਾਅਵਾ ਕੀਤਾ ਹੈ ਕਿ ਉਕਤ ਰੈਲੀ ਚ ਸਮੁੱਚੇ ਖਿੱਤੇ 'ਚੋਂ ਕਾਂਗਰਸੀ ਵਰਕਰਾਂ ਦੇ ਨਾਲ ਨਾਲ ਵੱਡੀ ਗਿਣਤੀ ਮਨਰੇਗਾ ਕਾਮੇ ਵੀ ਸ਼ਮੂਲੀਅਤ ਕਰਨਗੇ। ਰੈਲੀ ਨੂੰ ਸਫਲ ਬਣਾਉਣ ਲਈ ਪਿਛਲੇ ਦਿਨਾਂ ਤੋਂ ਵਿੱਢੀਆਂ ਤਿਆਰੀਆਂ ਉਪਰੰਤ ਅੱਜ ਪੱਤਰਕਾਰਾਂ ਨਾਲ ਗੱਲ ਕਰਦਿਆਂ ਸਾਬਕਾ ਵਿਧਾਇਕ ਸਿੱਧੂ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਨੇ ਮਨਰੇਗਾ ਦੇ ਮੂਲ ਢਾਂਚੇ 'ਚ ਬਦਲਾਅ ਕਰ ਦਿੱਤਾ ਹੈ ਉਨਾਂ ਕਿਹਾ ਕਿ ਮਨਰੇਗਾ ਦੀ ਥਾਂ ਨਵਾਂ ਲਾਗੂ ਕੀਤਾ ਜਾ ਰਿਹਾ ਕਾਨੂੰਨ 'ਵਿਕਸਤ ਭਾਰਤ ਗਾਰੰਟੀ ਫਾਰ ਰੋਜ਼ਗਾਰ ਐਂਡ ਆਜ਼ੀਵਕਾ ਮਿਸ਼ਨ ਗ੍ਰਾਮੀਨ (ਵੀ.ਬੀ.ਜੀ-ਰਾਮ-ਜੀ), ਮਨਰੇਗਾ ਕਾਮਿਆਂ ਲਈ ਕਿਸੇ ਵੀ ਤਰ੍ਹਾਂ ਲਾਭਦਾਇਕ ਨਹੀ ਉਨਾਂ ਕਿਹਾ ਕਿ ਕੇਂਦਰ ਚ ਕਾਂਗਰਸ ਦੀ ਸੱਤਾ ਸਮੇਂ ਮਨਰੇਗਾ ਨੂੰ ਲਾਗੂ ਕਰਨ ਦਾ ਮੰਤਵ ਪਿੰਡਾਂ ਦੇ ਬੇਰੋਜ਼ਗਾਰ ਕਾਮਿਆਂ ਨੂੰ ਰੋਜ਼ਗਾਰ ਦੇਣਾ ਸੀ ਅਤੇ ਪੰਚਾਇਤਾਂ ਇਸਨੂੰ ਲਾਗੂ ਕਰਵਾਉਣ ਲਈ ਵਚਨਬੱਧ ਸਨ ਪਰ ਹੁਣ ਨਵੇਂ ਕਾਨੂੰਨ ਤਹਿਤ ਤਾਂ ਕੰਮ ਦਾ ਅਧਿਕਾਰ ਹੀ ਪੰਚਾਇਤਾਂ ਤੋਂ ਖੋਹ ਲਿਆ ਗਿਆ ਹੈ ਜਿਸਤੋਂ ਮਨਰੇਗਾ ਕਾਮਿਆਂ ਨੂੰ ਵੀ ਅੰਦੇਸ਼ਾ ਹੈ ਕਿ ਉਨਾਂ ਦੇ ਰੋਜ਼ਗਾਰ ਤੇ ਖਤਰੇ ਦੇ ਬੱਦਲ ਮੰਡਰਾ ਰਹੇ ਹਨ। ਸਿੱਧੂ ਅਨੁਸਾਰ ਉਨਾਂ ਵੱਲੋਂ ਪਿੰਡਾਂ ਦੇ ਕੀਤੇ ਦੌਰਿਆਂ ਸਮੇਂ ਵੱਡੀ ਗਿਣਤੀ ਮਨਰੇਗਾ ਕਾਮਿਆਂ ਨੇ ਉਨਾਂ ਨੂੰ ਯਕੀਨ ਦਵਾਇਆ ਕਿ ਉਹ ਇਸ ਰੈਲੀ 'ਚ ਕਾਫਲਿਆਂ ਦੇ ਰੂਪ 'ਚ ਸ਼ਮੂਲੀਅਤ ਕਰਨਗੇ।

# 1980 ਓਲੰਪਿਕ ਤਮਗਾ ਜੇਤੂ ਭਾਰਤੀ ਹਾਕੀ ਟੀਮ ਦੇ ਅਹਿਮ ਮੈਂਬਰ ਦਵਿੰਦਰ ਸਿੰਘ ਗਰਚਾ ਦਾ ਦਿਹਾਂਤ



**ਜਲੰਧਰ, 10 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਜਲੰਧਰ : ਭਾਰਤੀ ਹਾਕੀ ਜਗਤ ਲਈ ਇੱਕ ਬਹੁਤ ਹੀ ਮੰਦਭਾਗੀ ਖ਼ਬਰ ਸਾਹਮਣੇ ਆਈ ਹੈ।1980 ਦੀਆਂ ਮਾਸਕੋ ਓਲੰਪਿਕ ਖੇਡਾਂ ਵਿੱਚ ਸੋਨ ਤਮਗਾ ਜਿੱਤਣ ਵਾਲੀ ਭਾਰਤੀ ਟੀਮ ਦੇ ਮੈਂਬਰ ਅਤੇ ਦਿੱਗਜ ਖਿਡਾਰੀ ਦਵਿੰਦਰ ਸਿੰਘ ਗਰਚਾ ਦਾ ਸ਼ਨੀਵਾਰ ਨੂੰ ਦਿਹਾਂਤ ਹੋ ਗਿਆ। ਉਨ੍ਹਾਂ ਦੇ ਅਕਾਲ ਚਲਾਣੇ 'ਤੇ ਖੇਡ ਜਗਤ ਵਿੱਚ ਸੋਗ ਦੀ ਲਹਿਰ ਹੈ। ਸੁਰਜੀਤ ਹਾਕੀ ਸੁਸਾਇਟੀ ਦੇ ਮੁੱਖ ਕਾਰਜਕਾਰੀ ਇਕਬਾਲ ਸਿੰਘ ਸੰਧੂ ਨੇ ਗਰਚਾ ਦੇ ਪਰਿਵਾਰ ਨਾਲ ਡੂੰਘੀ ਹਮਦਰਦੀ ਪ੍ਰਗਟ ਕਰਦਿਆਂ ਇਸ ਨੂੰ ਭਾਰਤੀ ਹਾਕੀ ਲਈ ਨਾ ਪੂਰਾ ਹੋਣ ਵਾਲਾ ਘਾਟਾ ਦੱਸਿਆ ਹੈ।

**ਸ਼ਾਨਦਾਰ ਖੇਡ ਕਰੀਅਰ** : 7 ਦਸੰਬਰ 1952 ਨੂੰ ਜਨਮੇ ਦਵਿੰਦਰ ਸਿੰਘ ਗਰਚਾ ਨੇ 1980 ਦੇ ਸਮਰ ਓਲੰਪਿਕ ਵਿੱਚ ਭਾਰਤ ਦੀ ਇਤਿਹਾਸਕ ਜਿੱਤ ਵਿੱਚ ਅਹਿਮ ਭੂਮਿਕਾ ਨਿਭਾਈ ਸੀ। ਉਨ੍ਹਾਂ ਨੇ ਇਸ ਟੂਰਨਾਮੈਂਟ ਦੇ 6 ਮੈਚਾਂ ਵਿੱਚ 8 ਗੋਲ ਕੀਤੇ ਸਨ।ਆਪਣੇ ਪ੍ਰਭਾਵਸ਼ਾਲੀ ਅੰਤਰਰਾਸ਼ਟਰੀ ਕਰੀਅਰ ਵਿੱਚ ਉਨ੍ਹਾਂ ਨੇ 30 ਤੋਂ ਵੱਧ ਮੈਚ ਖੇਡੇ ਅਤੇ ਕੁੱਲ 19 ਗੋਲ ਦਾਗੇ। ਉਹ ਸਿਰਫ਼ ਇੱਕ ਬਿਹਤਰੀਨ ਖਿਡਾਰੀ ਹੀ ਨਹੀਂ ਸਨ, ਸਗੋਂ ਖੇਡ ਪ੍ਰਸ਼ਾਸਨ ਵਿੱਚ ਵੀ ਸਰਗਰਮ ਸਨ ਅਤੇ ਮਸ਼ਹੂਰ ਮਹਿੰਦਰ ਸਿੰਘ ਮੁਨਸ਼ੀ ਹਾਕੀ ਟੂਰਨਾਮੈਂਟ ਦੇ ਪ੍ਰਧਾਨ ਵਜੋਂ ਸੇਵਾਵਾਂ ਨਿਭਾ ਰਹੇ ਸਨ। ਸੁਰਜੀਤ ਹਾਕੀ ਸੁਸਾਇਟੀ ਦੇ ਸਮੂਹ ਮੈਂਬਰਾਂ ਨੇ ਦੁਖੀ ਪਰਿਵਾਰ ਨਾਲ ਸੰਵੇਦਨਾ ਪ੍ਰਗਟ ਕਰਦਿਆਂ ਵਿਛੜੀ ਰੂਹ ਦੀ ਸ਼ਾਂਤੀ ਲਈ ਅਰਦਾਸ ਕੀਤੀ ਹੈ।

ਧੰਨ—ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ

# ਪ੍ਰਕਾਸ਼ ਉਤਸਵ ਸ਼ਰਧਾ, ਭਾਵਨਾ ਤੇ ਉਤਸ਼ਾਹ ਨਾਲ ਮਨਾਇਆ







**ਫ਼ਿਰੋਜ਼ਪੁਰ, 10 ਜਨਵਰੀ (ਮਨੋਹਰ ਲਾਲ) :**— ਵਹ ਪ੍ਰਗਟੀਓ ਮਰਦ ਅਗੰਮੜਾ ਵਰੀਆਮ ਇਲੇਕਾ, ਵਾਹ—ਵਾਹ ਗੋਬਿੰਦ ਸਿੰਘ ਆਪੇ ਗੁਰੂ ਚੇਲਾ। ਦਸਮ ਪਿਤਾ ਦੁਸ਼ਟ ਦਮਨ ਧੰਨ—ਧੰਨ ਸ੍ਰੀ ਗੁਰੂ ਗੋਬਿੰਦ ਜੀ ਦਾ ਪ੍ਰਕਾਸ਼ ਉਤਸਵ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗੁਰਦੁਆਰਾ ਗੁਰੂ ਰਾਮਦਾਸਪੁਰੀ ਅਰਮਾਨਪੁਰਾ (ਆਸਲ) ਵਿਖੇ ਸ਼ਰਧਾ ਭਾਵਨਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਦੇ ਚਲਦਿਆਂ ਮਿਤੀ 8 ਜਨਵਰੀ 2026 (25 ਪੋਹ) ਦਿਨ ਵੀਰਵਾਰ ਨੂੰ ਸ੍ਰੀ ਆਖੰਡ ਪਾਠ ਸਾਹਿਬ ਆਰੰਭ ਕੀਤੇ ਗਏ, ਉਪਰੰਤ 10 ਜਨਵਰੀ (27 ਪੋਹ) ਦਿਨ ਸ਼ਨੀਵਾਰ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਉਪਰੰਤ ਖੁੱਲੇ ਪੰਡਾਲ ਵਿਚ ਦੀਵਾਨ ਸਜਾਏ ਗਏ, ਜਿਨ੍ਹਾਂ ਵਿਚ ਭਾਈ ਨਿਰਭੈ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ, ਢਾਡੀ ਜਥਾ ਬੀਬੀ ਦਲੇਰ ਕੌਰ ਖਾਲਸਾ, ਭਾਈ ਕੁਲਦੀਪ ਸਿੰਘ ਕਥਾਵਾਚਕ ਲੱਖੋਕੇ ਬਹਿਰਾਮ, ਭਾਈ ਅਮ੍ਰਿਤਪ੍ਰੀਤ ਸਿੰਘ ਰਾਗੀ ਜਥਾ ਫ਼ਿਰੋਜ਼ਪੁਰ ਵਾਲੇ, ਭਾਈ ਬੋਹੜ ਸਿੰਘ ਢਾਡੀ ਜਥਾ ਬਾਰੇਕੇ, ਬੀਬੀ ਦਲਜੀਤ ਕੌਰ ਕਥਾਵਾਚਕ ਅਰਮਾਨਪੁਰੇ ਵਾਲੇ ਅਤੇ ਗੁਰੂ ਰਾਮਦਾਸ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਦੇ ਬੱਚਿਆਂ ਨੇ ਸੰਗਤਾਂ ਨੂੰ ਕਥਾ ਵਿਚਾਰਾਂ, ਕਵੀਸ਼ਰੀ ਅਤੇ ਕੀਰਤਨ ਨਾਲ ਨਿਹਾਲ ਕੀਤਾ। ਇਸ ਮੌਕੇ ਸੰਤ ਬਾਬਾ ਸੁੱਚਾ ਸਿੰਘ ਠਾਠ ਨਾਨਕਸਰ ਛਾਂਗਾ ਖੁਰਦ, ਸੰਤ ਬਾਬਾ ਗੁਰਬਚਨ ਸਿੰਘ ਸੰਪਰਦਾਇ ਬਾਬਾ ਬਿਧੀ ਚੰਦ ਸੁਰ ਸਿੰਘ ਵਾਲੇ, ਸੰਤ ਬਾਬਾ ਹਰਭਜਨ ਸਿੰਘ ਜੰਡ ਸਾਹਿਬ ਵਾਲੇ, ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲੇ, ਸੰਤ ਬਾਬਾ ਦਰਸ਼ਨ ਸਿੰਘ ਢਾਬਸਰ ਬੋਰੀ ਵਾਲੇ ਨੇ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰੀ। ਉਪਰੰਤ ਗੁਰੂ ਘਰ ਦਾ ਲੰਗਰ ਅਤੁੱਟ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਰੋਟੇਰੀਅਨ ਸੰਜੇ ਠਕਰਾਲ ਬਣੇ ਰੋਟਰੀ ਡਿਸਟ੍ਰਿਕਟ 3090 ਦੇ 2028—29 ਦੇ ਡਿਸਟਿਕਟ ਗਵਰਨਰ



ਫ਼ਿਰੋਜ਼ਪੁਰ, 10 ਜਨਵਰੀ (ਮਨੋਹਰ ਲਾਲ):— ਪੰਜਾਬ, ਹਰਿਆਣਾ ਅਤੇ ਰਾਜਸਥਾਨ ਚ ਫੈਲੇ ਰੋਟਰੀ ਡਿਸਟਿਕਟ 3090 ਦੇ 2028—29 ਦੇ ਡਿਸਟ੍ਰਿਕਟ ਗਵਰਨਰ ਦੀਆਂ ਚੋਣਾਂ ਸਿਰਸਾ ਵਿਖੇ ਮੌਜੂਦਾ ਗਵਰਨਰ ਭੁਪੈਸ਼ ਮਹਿਤਾ ਦੀ ਯੋਗ ਅਗਵਾਈ ਹੇਠ ਹੋਈਆਂ। ਇਸ ਚੋਣ ਚ ਹਿਸਾਰ ਤੋਂ ਰੋਟੇਰੀਅਨ ਸੰਜੋ ਠਕਰਾਲ ਨੇ ਜਿੱਤ ਹਾਸਲ ਕੀਤੀ। ਡਿਪਟੀ ਸਟੇਟ ਕੋਆਰਡੀਨੇਟਰ ਕਮਲ ਸ਼ਰਮਾ ਨੇ ਕਿਹਾ ਕਿ 2028—29 ਦੀ ਡੀ.ਜੀ.ਐਨ.ਡੀ. ਦੀ ਚੋਣ ਪ੍ਰਕਿਰਿਆ ਸਿਰਸਾ ਵਿਖੇ ਹੋਈ, ਜਿਸ ਚ ਹਿਸਾਰ ਤੋਂ ਰੋਟੋਰੀਅਨ ਸੰਜੇ ਠਕਰਾਲ ਨੇ ਜਿੱਤ ਹਾਸਲ ਕੀਤੀ। ਇਸ ਚੋਣ ਪ੍ਰਕਿਰਿਆ ਚ 127 ਰੋਟਰੀ ਕਲੱਬਾਂ ਨੇ ਭਾਗ ਲਿਆ, ਜਿਸ ਚ ਰੋਟੈਰੀਅਨ ਸੰਜੇ ਠਕਰਾਲ ਨੂੰ 96 ਵੋਟਾਂ ਪ੍ਰਾਪਤ ਹੋਈਆਂ, ਜਦਕਿ ਦੂਜੇ ਉਮੀਦਵਾਰ ਫਤਿਹਾਬਾਦ ਤੋਂ ਰੋਟੇਰੀਅਨ ਹਰੀਸ਼ ਖੁਰਾਣਾ ਨੂੰ 55 ਵੋਟਾਂ ਮਿਲੀਆਂ ਅਤੇ ਰੋਟੇਰੀਅਨ ਸੰਜੇ ਠਕਰਾਲ ਨੇ 41 ਵੋਟਾਂ ਨਾਲ ਜਿੱਤ ਦਰਜ ਕੀਤੀ। ਇਸ ਮੌਕੇ ਰੋਟੋਰੀਅਨ ਕਮਲ ਸ਼ਰਮਾ ਨੇ ਕਿਹਾ ਕਿ ਰੋਟਰੀ ਡਿਸਟਿਕਟ ਗਵਰਨਰ ਬਣਨਾ ਆਪਣੇ ਆਪ ਚ ਹੀ ਇਕ ਬਹੁਤ ਸਨਮਾਨਯੋਗ ਗੱਲ ਅਤੇ ਇਕ ਵੱਡੀ ਜ਼ਿੰਮੇਵਾਰੀ ਵੀ ਹੈ। ਰੋਟਰੀ ਇਟਰਨੈਸ਼ਨਲ ਦੁਨੀਆ ਦੀ ਸਭ ਤੋਂ ਵੱਡੀ ਸਮਾਜ ਸੇਵੀ ਸੰਸਥਾ ਹੈ, ਜਿਸ ਚ ਰੋਟੇਰੀਅਨ ਸੰਜੇ ਠਕਰਾਲ 2028—29 ਦੌਰਾਨ ਪੰਜਾਬ, ਹਰਿਆਣਾ ਅਤੇ ਰਾਜਸਥਾਨ ਚ ਤਕਰੀਬਨ 130 ਕਲੱਬਾਂ ਦੀ ਅਗਵਾਈ ਕਰਨਗੇ। ਉਨ੍ਹਾਂ ਕਿਹਾ ਕਿ ਰੋਟਰੀ ਕਲੱਬ ਫਿਰੋਜਪੁਰ ਕੈਂਟ ਤੋਂ ਪੀ.ਡੀ.ਜੀ ਸੀਨੀਅਰ ਰੋਟੋਰੀਅਨ ਵਿਜੈ ਅਰੋੜਾ, ਪ੍ਰਧਾਨ ਰਾਹੁਲ ਕੱਕੜ, ਹਰਵਿੰਦਰ ਘਈ (ਸਕੱਤਰ), ਰੋਟਰੀ ਕਲੱਬ ਫਿਰੋਜਪੁਰ ਗੋਲ਼ਡ ਤੋ ਪ੍ਰਧਾਨ ਅਨੁਰਾਧਾ, ਰੋਟਰੀ ਕਲੱਬ ਫਿਰੋਜਪੁਰ ਤੋਂ ਕਿਰਪਾਲ ਸਿੰਘ ਮੱਕੜ, ਸੁਰਿੰਦਰ ਸਿੰਘ ਕਪੂਰ, ਦਿਨੇਸ਼ ਕਟਾਰਿਆ, ਡਾਇਮਡ ਤੋਂ ਰੋਟੋਰੀਅਨ ਹਿੰਮਤ ਗੋਇਲ, ਰਾਇਲ ਤੋ ਸੰਦੀਪ ਤਿਵਾੜੀ, ਕੁਨਾਲ ਪੁਰੀ, ਗੁਰੂਹਰਸਹਾਏ ਤੋਂ ਹਰਭਜਨ ਕੰਬੋਜ ਖਾਸ ਤੌਰ ਤੇ ਮੌਜੂਦ ਰਹੇ। ਜਿੱਤ ਹਾਸਲ ਕਰਨ ਤੋਂ ਬਾਅਦ ਸੰਜੇ ਠਕਰਾਲ ਨੇ ਫਿਰੋਜਪੁਰ ਦੇ ਸਮੂਹ ਰੋਟੇਰੀਅਨਜ਼ ਅਤੇ ਰੋਟਰੀ ਕਲੱਬ ਫਿਰੋਜਪੁਰ, ਰੋਟਰੀ ਕਲੱਬ ਫਿਰੋਜਪੁਰ ਕੈਂਟ, ਰੋਟਰੀ ਕਲੱਬ ਫਿਰੋਜਪੁਰ ਰੋਇਲ, ਰੋਟਰੀ ਕਲੱਬ ਫਿਰੋਜਪੁਰ ਡਾਇਮਡ, ਰੋਟਰੀ ਕਲੱਬ ਫਿਰੋਜਪੁਰ ਗੋਲ਼ਡ ਅਤੇ ਰੋਟਰੀ ਕਲੱਬ ਗੁਰੂਹਰਸਹਾਏ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ। ਉਨ੍ਹਾਂ ਨੇ ਡਿਪਟੀ ਸਟੇਟ ਕੋਆਰਡੀਨੇਟਰ ਕਮਲ ਸ਼ਰਮਾ ਦਾ ਇਸ ਪੂਰੀ ਚੋਣ ਮੁਹਿੰਮ ਦੌਰਾਨ ਮੋਢੇ ਨਾਲ ਮੋਢਾ ਮਿਲਾ ਕੇ ਚੱਲਣ ਲਈ ਖਾਸ ਤੌਰ ਤੇ ਧੰਨਵਾਦ ਕੀਤਾ। ਇਸ ਮੌਕੇ ਸਮੂਹ ਕੌਂਸਲ ਆਫ ਗਵਰਨਰਸ ਦੇ ਮੈਂਬਰ ਸਾਬਕਾ ਗਵਰਨਰ ਘਨਸ਼ਯਮ ਕਾਂਸਲ, ਗਵਰਨਰ ਇਲੈਕਟ ਸੀ.ਏ. ਅਮਿਤ ਸਿੰਗਲਾ, ਸਾਬਕਾ ਗਵਰਨਰਜ਼ ਅਮਜਦ ਅਲੀ, ਪ੍ਰੇਮ ਅਗਰਵਾਲ, ਰਾਜਿੰਦਰ ਤਨੇਜਾ, ਗੁਲਬਹਾਰ ਰੋਟੋਲੇ, ਰਾਜੀਵ ਗਰਗ, ਸੰਦੀਪ ਚੌਹਾਨ, ਵਿਜੇ ਅਰੋੜਾ, ਸ਼ਿਵ ਸ਼ੰਕਰ ਵਸ਼ਿਸ਼ਟ ਨੇ ਮੁਬਾਰਕਬਾਦ ਦਿੱਤੀ।

# ਪੈਨਸ਼ਨਰਾਂ ਤੇ ਮੁਲਾਜ਼ਮਾਂ ਨੂੰ ਬੋਝ ਸਮਝਣ ਵਾਲੀ ਸਰਕਾਰ ਦੇ 2027 ਦੀਆਂ ਚੋਣਾਂ ਦੌਰਾਨ ਉਡਣਗੇ ਹੋਸ਼



ਫ਼ਿਰੋਜ਼ਪੁਰ, 10 ਜਨਵਰੀ (ਮਨੋਹਰ ਲਾਲ):— ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਫ਼ਿਰੋਜ਼ਪੁਰ ਦੀ ਮੀਟਿੰਗ ਗੁਰਪ੍ਰਤਾਪ ਸਿੰਘ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ ਵੱਡੀ ਗਿਣਤੀ ਪੈਨਸ਼ਨਰਾਂ ਨੇ ਸ਼ਿਰਕਤ ਕੀਤੀ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਅਜੀਤ ਸਿੰਘ ਸੋਢੀ ਅਤੇ ਸੁਰਿੰਦਰ ਕੁਮਾਰ ਜ਼ੋਸਨ ਵਿੱਤ ਸਕੱਤਰ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਨੂੰ ਵਿਅਰਥ ਦਾ ਬੋਝ ਸਮਝ ਰਹੀ ਹੈ, ਕਿਉਂਕਿ 4 ਸਾਲ ਬੀਤ ਜਾਣ ਤੇ ਇਕ ਵੀ ਮੰਗ ਨੂੰ ਪੂਰਾ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ 30 ਮੀਟਿੰਗਾਂ ਜੁਆਇੰਟ ਫਰੰਟ ਨਾਲ ਰੱਖ ਕੇ ਹਰ ਵਾਰ ਪੋਸਟਪੋਨ ਕਰ ਦਿੱਤੀਆਂ ਗਈਆਂ ਹਨ। ਇਸ ਮੌਕੇ ਗੁਰਪ੍ਰਤਾਪ ਸਿੰਘ ਪ੍ਰਧਾਨ, ਬੂਟਾ ਸਿੰਘ ਸੀਨੀ. ਵ. ਪ੍ਰਧਾਨ ਨੇ ਕਿਹਾ ਕਿ ਇਹ ਸਰਕਾਰ ਪਹਿਲੀਆਂ ਸਰਕਾਰਾਂ ਨਾਲੋਂ ਅਨੋਖੀ ਹੈ, ਜਿਸ ਨੇ ਅਜੇ ਤੱਕ ਕੋਈ ਮੰਗ ਨਹੀਂ ਮੰਨੀ, ਪਰ ਸੈਕਟਰੀਆਂ ਅਤੇ ਜੁਡੀਸ਼ਲ ਅਤੇ ਉੱਚ ਅਧਿਕਾਰੀਆਂ ਨੂੰ ਡੀ.ਏ ਦੀਆਂ ਸਾਰੀਆਂ ਮੰਗਾਂ ਪੂਰੀਆਂ ਕਰ ਦਿੱਤੀਆਂ ਹਨ। ਸਾਥੀ ਹਰਜੀਤ ਸਿੰਘ, ਰਮਾ ਕਾਂਤ, ਦੀਪਕ ਕੁਮਾਰ ਲਟੋਵਾ, ਰਕੇਸ਼ ਜੈਨ, ਰਜੇਸ਼ ਕਾਂਸਲ, ਸਵਰਨਜੀਤ ਸਿੰਘ, ਭੁਪਿੰਦਰ ਕੁਮਾਰ ਨੇ ਕਿਹਾ ਕਿ 2027 ਦੇ ਜਨਰਲ ਇਲੈਕਸ਼ਨ ਵਿਚ ਇਸ ਸਰਕਾਰ ਦੇ ਹੋਸ਼ ਉਡ ਜਾਣਗੇ, ਜਦੋਂ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਨੇ ਆਪਣਾ ਗੁੱਸਾ ਸਰਕਾਰ ਵਿਰੁੱਧ ਕੱਢਿਆ।

# ਬਸਪਾ ਦੀ ਮਾਘੀ ਮੌਕੇ ਤਲਵੰਡੀ ਸਾਬੋ ਵਿਖੇ ਹੋਣ ਵਾਲੀ ਰਾਜਸੀ ਰੈਲੀ ਦੀਆਂ ਤਿਆਰੀਆਂ ਸਬੰਧੀ ਹੋਈ ਮੀਟਿੰਗ



ਤਲਵੰਡੀ ਸਾਬੋ, 10 ਜਨਵਰੀ (ਗੁਰਜੰਟ ਸਿੰਘ ਨਥੇਹਾ)- ਬਹੁਜਨ ਸਮਾਜ ਪਾਰਟੀ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਮਾਘੀ ਮੌਕੇ ਦਮਦਮਾ ਸਾਹਿਬ (ਤਲਵੰਡੀ ਸਾਬੋ) ਵਿਖੇ ਵਿਸ਼ਾਲ ਰਾਜਸੀ ਰੈਲੀ ਕੀਤੀ ਜਾ ਰਹੀ ਹੈ ਅਤੇ ਅੱਜ ਉਕਤ ਰੈਲੀ ਦੀਆਂ ਤਿਆਰੀਆਂ ਸਬੰਧੀ ਬਸਪਾ ਆਗੂਆਂ ਤੇ ਵਰਕਰਾਂ ਦੀ ਇੱਕ ਮੀਟਿੰਗ ਬਸਪਾ ਪੰਜਾਬ ਦੇ ਇੰਚਾਰਜ ਕੁਲਦੀਪ ਸਿੰਘ ਸਰਦੂਲਗੜ੍ਹ ਦੀ ਅਗਵਾਈ ਹੇਠ ਹੋਈ ਜਿਸ ਵਿੱਚ ਸੂਬਾ ਜਨਰਲ ਸਕੱਤਰ ਦੌਲਤ ਰਾਮ ਨੇ ਵੀ ਵਿਸ਼ੇਸ ਤੌਰ 'ਤੇ ਸ਼ਮੂਲੀਅਤ ਕੀਤੀ। ਪਾਰਟੀ ਦੀ ਸਥਾਨਕ ਇਕਾਈ ਵੱਲੋਂ ਜਾਰੀ ਪ੍ਰੈੱਸ ਬਿਆਨ ਮੁਤਾਬਿਕ ਮੀਟਿੰਗ ਨੂੰ ਸੰਬੋਧਨ ਦੌਰਾਨ ਕੁਲਦੀਪ ਸਿੰਘ ਸਰਦੂਲਗੜ੍ਹ ਨੇ ਕਿਹਾ ਕਿ ਬਸਪਾ ਦੇ ਕੌਮੀ ਪ੍ਰਧਾਨ ਤੇ ਉੱਤਰ ਪ੍ਰਦੇਸ਼ ਦੇ ਸਾਬਕਾ ਮੁੱਖ ਮੰਤਰੀ ਕੁਮਾਰੀ ਮਾਇਆਵਤੀ ਦੇ ਜਨਮ ਦਿਨ ਮੌਕੇ, ਚਾਲੀ ਮੁਕਤਿਆਂ ਨੂੰ ਸਮਰਪਿਤ ਕਰਕੇ 14 ਜਨਵਰੀ ਨੂੰ ਮਾਘੀ ਦੇ ਪਾਵਨ ਦਿਹਾੜੇ ਮੌਕੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਰਾਜਸੀ ਰੈਲੀ ਤਖਤ ਸ੍ਰੀ ਦਮਦਮਾ ਸਾਹਿਬ ਨੇੜਲੇ ਪੁਰਾਣੇ ਬੱਸ ਸਟੈਂਡ ਲਾਗੇ ਕੀਤੀ ਜਾਵੇਗੀ। ਉਨਾਂ ਨੇ ਆਗੂਆਂ ਤੇ ਵਰਕਰਾਂ ਨੂੰ ਅਪੀਲ ਕੀਤੀ ਕਿ ਬਹੁਜਨ ਸਮਾਜ ਦੇ ਵੀਰਾਂ/ਭੈਣਾਂ ਨੂੰ ਜਾਗਰੂਕ ਕਰਦਿਆਂ ਉਨਾਂ ਨੂੰ ਵੱਡੀ ਗਿਣਤੀ 'ਚ ਉਕਤ ਰੈਲੀ 'ਚ ਲਿਆਉਣ ਦੇ ਯਤਨ ਕੀਤੇ ਜਾਣ ਤਾਂ ਜੋ ਉਹ ਬਸਪਾ ਦੀ ਸੂਬਾਈ ਲੀਡਰਸ਼ਿਪ ਤੋਂ ਜਾਣ ਸਕਣ ਕਿ ਵਰ੍ਹਿਆਂ ਤੋਂ ਦਲਿਤਾਂ ਤੇ ਸਮਾਜ ਦੇ ਲਤਾੜੇ ਤੇ ਨਪੀੜੇ ਜਾ ਰਹੇ ਵਰਗਾਂ ਨਾਲ ਅੱਜ ਵੀ ਕਿਵੇਂ ਧੱਕੇਸ਼ਾਹੀਆਂ ਹੋ ਰਹੀਆਂ ਹਨ। ਇਸ ਮੌਕੇ ਪਾਰਟੀ ਦੇ ਸੂਬਾ ਸਕੱਤਰ ਮਾ. ਜਗਦੀਪ ਸਿੰਘ ਗੋਗੀ ਸਾਬਕਾ ਸਰਪੰਚ ਨੇ ਹਾਜ਼ਰ ਆਗੂਆਂ ਨੂੰ ਯਕੀਨ ਦਵਾਇਆ ਕਿ ਰੈਲੀ ਦੀ ਸਫਲਤਾ ਲਈ ਵਰਕਰ ਹੁਣ ਹਰ ਘਰ ਦਸਤਕ ਦੇ ਕੇ ਲੋਕਾਂ ਨੂੰ ਰੈਲੀ ਤੱਕ ਲਿਆਉਣ ਦੇ ਯਤਨ ਕਰਨਗੇ। ਸੂਬਾ ਸਕੱਤਰ ਲਖਵੀਰ ਸਿੰਘ ਨਿੱਕਾ ਨੇ ਦੱਸਿਆ ਕਿ ਰੈਲੀ ਦੀ ਸਫਲਤਾ ਲਈ ਕਿਵੇਂ ਡਿਊਟੀਆਂ ਲਗਾਈਆਂ ਗਈਆਂ ਹਨ। ਮੀਟਿੰਗ 'ਚ ਜਿਲ੍ਹਾ ਪ੍ਰਧਾਨ ਬਠਿੰਡਾ ਡਾ. ਜੋਗਿੰਦਰ ਸਿੰਘ, ਬਾਬੂ ਸਿੰਘ ਜਿਲ੍ਹਾ ਪ੍ਰਧਾਨ ਮਾਨਸਾ, ਸੁਰਿੰਦਰ ਨਲਵਾ ਜਨਰਲ ਸਕੱਤਰ, ਹਰਨੇਕ ਸਿੰਘ ਜਗਾ ਰਾਮ ਤੀਰਥ ਤੋਂ ਇਲਾਵਾ ਵੱਡੀ ਗਿਣਤੀ ਆਗੂ ਤੇ ਵਰਕਰ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਰਹੱਦੀ ਜ਼ਿਲ੍ਹਾ ਫਿਰੋਜ਼ਪੁਰ ਦੀ 10 ਸਾਲਾ ਬੱਚੀ ਨੇ ਕੀਤਾ ਕਮਾਲ

## ਪਰੈਵੀ ਗਰੋਅ ਸਟਾਰਟਅਪ ਨਾਲ ਸਾਰੇ ਦੇਸ਼ ਦਾ ਰੋਸ਼ਨ ਕੀਤਾ ਨਾਮ

ਫ਼ਿਰੋਜ਼ਪੁਰ, 10 ਜਨਵਰੀ (ਮਨੋਹਰ ਲਾਲ) :— ਨਵੀਨਤਾ ਅਤੇ ਦ੍ਰਿੜਤਾ ਦੀ ਪ੍ਰੇਰਣਾਦਾਇਕ ਕਹਾਣੀ ਹੈ ਪ੍ਰਵਿਨ, ਜੋ ਕਿ ਅਸ਼ਰ ਦਾ ਸਕੂਲ ਓਫ ਰੋਬੋਟਿਕਸ ਵਿੱਚ ਕਲਾਸ 5 ਦੀ ਵਿਦਿਆਰਥਣ ਹੈ। ਪ੍ਰਵਿਨ ਨੇ ਆਪਣੀ ਨਵੀਂ ਸੋਚ ਨਾਲ ਲੱਖਾਂ ਪ੍ਰਤੀਯੋਗੀਆਂ ਵਿਚੋਂ ਟਾਪ 100 ਫਾਈਨਲਿਸਟਾਂ ਵਿੱਚ ਜਗ੍ਹਾ ਬਣਾਈ ਹੈ। ਉਹ ਆਪਣਾ ਪ੍ਰੋਜੈਕਟ 18 ਜਨਵਰੀ 2026 ਨੂੰ ਆਈ.ਆਈ.ਟੀ ਦਿੱਲੀ ਵਿਖੇ ਹੋਣ ਵਾਲੇ ਰਾਸ਼ਟਰੀ ਪੱਧਰ ਦੇ ਇਵੈਂਟ ਵਿੱਚ ਪੇਸ਼ ਕਰਨ ਜਾ ਰਹੀ ਹੈ।



ਪ੍ਰਵਿਨ ਨੇ ਪਰੈਵੀ ਗਰੋਅ ਨਾਂ ਦਾ ਸਟਾਰਟਅਪ ਸ਼ੁਰੂ ਕੀਤਾ ਹੈ, ਜੋ ਕਿਸਾਨਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਇਕ ਵਿਲੱਖਣ ਕੋਸ਼ਿਸ਼ ਹੈ, ਉਸ ਨੇ ਆਪਣੇ ਇਲਾਕੇ ਦੇ ਕਿਸਾਨਾਂ ਨਾਲ ਗੱਲ ਕਰਕੇ ਜਾਣਿਆ ਕਿ ਬਹੁਤ ਸਾਰੇ ਕਿਸਾਨ ਆਪਣਾ ਤਜਰਬਾ ਦੇ ਆਧਾਰ 'ਤੇ ਹੀ ਪਾਣੀ ਦੀ ਲੋੜ ਦਾ ਅਨੁਮਾਨ ਲਾਉਂਦੇ ਹਨ। ਇਸ ਸਮੱਸਿਆ ਦਾ ਹੱਲ ਕੱਢਣ ਲਈ ਉਸਨੇ ਕ੍ਰਿਤ੍ਰਿਮ ਬੁੱਧੀ (ਏ.ਆਈ) 'ਤੇ ਆਧਾਰਿਤ ਇੱਕ ਮੋਬਾਈਲ ਐਪ ਤਿਆਰ ਕੀਤਾ, ਜੋ ਹਾਰਡਵੇਅਰ ਨਾਲ ਜੁੜ ਕੇ ਕਿਸਾਨਾਂ ਨੂੰ ਆਪਣੇ ਖੇਤਾਂ ਅਤੇ ਫਸਲਾਂ ਨੂੰ ਸਿਰਫ਼ ਫੋਨ ਤੋਂ ਹੀ ਕਾਬੂ ਕਰਨ ਦੀ ਸਹੂਲਤ ਦਿੰਦਾ ਹੈ। ਹੁਣ ਕਿਸਾਨ ਸਮਾਰਟਫੋਨ ਰਾਹੀਂ ਆਪਣੇ ਪਾਣੀ ਦੇ ਮੋਟਰ ਚਾਲੂ ਤੇ ਬੰਦ ਕਰ ਸਕਦੇ ਹਨ। ਦੇਸ਼ ਭਰ ਦੇ ਲੱਖਾਂ ਵਿਦਿਆਰਥੀਆਂ ਵਿਚੋਂ ਪ੍ਰਵਿਨ ਦਾ ਪ੍ਰੋਜੈਕਟ ਆਪਣੇ ਨਵੇਂ ਵਿਚਾਰ ਅਤੇ ਉਪਯੋਗਤਾ ਕਰਕੇ ਚੁਣਿਆ ਗਿਆ ਹੈ, ਹੁਣ ਉਹ ਦੇਸ਼ ਦੇ ਅਗੂ ਉਦਯੋਗਪਤੀਆਂ ਦੇ ਸਾਹਮਣੇ ਆਪਣਾ ਪ੍ਰੋਜੈਕਟ ਪੇਸ਼ ਕਰਕੇ ਨਿਵੇਸ਼ ਤੇ ਮਾਰਗਦਰਸ਼ਨ ਦਾ ਮੌਕਾ ਪ੍ਰਾਪਤ ਕਰੇਗੀ। ਉਸ ਦੇ ਮਾਰਗਦਰਸ਼ਕ ਉਮੇਸ਼ ਕੁਮਾਰ ਬਾਜਾਜ ਜੋ ਅਸ਼ਰ ਦਾ ਸਕੂਲ ਓਫ ਰੋਬੋਟਿਕਸ ਦੇ ਸੰਸਥਾਪਕ ਹਨ, ਨੇ ਕਿਹਾ ਕਿ ਇੰਨੀ ਛੋਟੀ ਉਮਰ ਵਿੱਚ ਪ੍ਰਵਿਨ ਨੇ ਰਚਨਾਤਮਕਤਾ ਅਤੇ ਸਮੱਸਿਆ ਹੱਲ ਕਰਨ ਦੀ ਅਦਭੁੱਤ ਸਮਰੱਥਾ ਦਿਖਾਈ ਹੈ, ਉਸ ਦਾ ਪ੍ਰੋਜੈਕਟ ਫਿਰੋਜ਼ਪੁਰ ਦਾ ਹੀ ਨਹੀਂ, ਸਾਰੇ ਦੇਸ਼ ਦਾ ਮਾਣ ਵਧਾ ਰਿਹਾ ਹੈ। ਪ੍ਰਵਿਨ ਦੀ ਇਹ ਉਪਲਬਧੀ ਸਾਬਤ ਕਰਦੀ ਹੈ ਕਿ ਭਾਰਤ ਦੇ ਬੱਚੇ, ਚਾਹੇ ਉਹ ਸਰਹੱਦ ਦੇ ਕਿਸੇ ਵੀ ਕੋਨੇ ਤੋਂ ਹੋਣ, ਤਕਨਾਲੋਜੀ ਰਾਹੀਂ ਸਮਾਜ ਵਿਚ ਅਸਲ ਬਦਲਾਅ ਲਿਆ ਸਕਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243